ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਵੀਰਵਾਰ, 12 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੭ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111, +447976210161, +919729091243




## ਕੁਲਗਾਮ 'ਚ ਅੱਤਵਾਦੀਆਂ ਨੇ CRPF ਕੈਂਪ 'ਤੇ ਕਰ'ਤਾ ਹਮਲਾ



**ਸ੍ਰੀਨਗਰ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਜੰਮੂ ਕਸ਼ਮੀਰ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿੱਥੋਂ ਦੇ ਕੁਲਗਾਮ ਜ਼ਿਲ੍ਹੇ 'ਚ ਕੇਂਦਰੀ ਰਿਜ਼ਰਵ ਪੁਲਸ ਫ਼ੋਰਸ (ਸੀਆਰਪੀਐੱਫ) ਕੈਂਪ 'ਤੇ ਅੱਤਵਾਦੀ ਹਮਲਾ ਹੋ ਗਿਆ ਹੈ। ਇਸ ਹਮਲੇ 'ਚ ਸੀਆਰਪੀਐੱਫ ਦੇ 3 ਜਵਾਨ ਜ਼ਖ਼ਮੀ ਹੋ ਗਏ। ਇਹ ਹਮਲਾ ਮੀਰ ਬਾਜ਼ਾਰ ਕੋਲ ਸਥਿਤ ਕੈਂਪ 'ਚ ਹੋਇਆ। ਜ਼ਖਮੀ ਜਵਾਨਾਂ ਨੂੰ ਅਨੰਤਨਾਗ ਦੇ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਇਲਾਕੇ ਦੀ ਘੇਰਾਬੰਦੀ ਕਰ ਦਿੱਤੀ ਗਈ ਅਤੇ ਹਮਲਾਵਰਾਂ ਦੀ ਭਾਲ ਲਈ ਵੱਡੇ ਪੈਮਾਨੇ 'ਤੇ ਮੁਹਿੰਮ ਚਲਾਈ ਜਾ ਰਹੀ ਹੈ।

## ਟਾਇਲਟ ਦੇ ਸ਼ੀਸ਼ੇ 'ਤੇ ਲਿਖਿਆ ਸਨੇਹਾ

# 'ਏਅਰ ਇੰਡੀਆ' ਨੂੰ ਹਾਈਜੈਕ ਕਰਨ ਦੀ ਧਮਕੀ

**ਕੋਲਕਾਤਾ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਸਵੇਰੇ ਕੋਲਕਾਤਾ ਦੇ ਨੇਤਾਜੀ ਸੁਭਾਸ਼ ਚੰਦਰ ਬੋਸ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਮੁੰਬਈ ਜਾਣ ਵਾਲੀ ਏਅਰ ਇੰਡੀਆ ਦੀ ਉਡਾਣ ਨੂੰ ਹਾਈਜੈਕ ਕਰਨ ਦੀ ਧਮਕੀ ਮਿਲੀ। ਟਾਇਲਟ ਦੇ ਸ਼ੀਸ਼ੇ 'ਤੇ ਇੱਕ ਧਮਕੀ ਭਰਿਆ ਸੁਨੇਹਾ ਲਿਖਿਆ ਹੋਇਆ ਮਿਲਿਆ। ਘਟਨਾ ਦੀ ਜਾਣਕਾਰੀ ਮਿਲਣ ਤੋਂ ਤੁਰੰਤ ਬਾਅਦ ਸੁਰੱਖਿਆ ਏਜੰਸੀਆਂ ਨੂੰ ਅਲਰਟ ਕਰ ਦਿੱਤਾ ਗਿਆ। ਦੱਸਿਆ ਜਾ ਰਿਹਾ ਹੈ ਕਿ ਜਦੋਂ ਜਹਾਜ਼ ਉਡਾਣ ਭਰਨ ਦੀ ਤਿਆਰੀ ਕਰ ਰਿਹਾ ਸੀ, ਤਾਂ ਟਾਇਲਟ ਦੇ ਇੱਕ ਸ਼ੀਸ਼ਿਆਂ 'ਤੇ ਇੱਕ ਧਮਕੀ ਭਰਿਆ ਸੁਨੇਹਾ ਲਿਖਿਆ ਦੇਖਿਆ ਗਿਆ। ਇਹ ਜਾਣਕਾਰੀ ਮਿਲਣ 'ਤੇ ਪਾਇਲਟ ਨੇ ਤੁਰੰਤ ਏਅਰ ਟ੍ਰੈਫਿਕ ਕੰਟਰੋਲ (ਏਟੀਸੀ) ਨੂੰ ਸੂਚਿਤ ਕੀਤਾ। ਜਾਣਕਾਰੀ ਦੇ ਅਨੁਸਾਰ ਘਟਨਾ ਤੋਂ ਬਾਅਦ ਜਹਾਜ਼ ਨੂੰ ਇੱਕ ਆਈਸੋਲੇਸ਼ਨ ਬੇ ਵਿੱਚ ਲੈ ਕੇ ਜਾਂਦਾ ਗਿਆ ਸੀ। ਕੇਂਦਰੀ ਉਦਯੋਗਿਕ ਸੁਰੱਖਿਆ ਬਲ ਅਤੇ ਹਵਾਈ ਅੱਡੇ ਦੇ ਸੁਰੱਖਿਆ ਕਰਮਚਾਰੀਆਂ ਨੇ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ। ਕਿਸੇ ਵੀ ਸ਼ੱਕੀ ਵਸਤੂ ਲਈ ਜਹਾਜ਼ ਦੇ ਹਰ ਹਿੱਸੇ ਦੀ ਚੰਗੀ ਤਰ੍ਹਾਂ ਜਾਂਚ ਕੀਤੀ ਜਾ ਰਹੀ ਹੈ। ਸੁਰੱਖਿਆ ਏਜੰਸੀਆਂ ਇਹ ਯਕੀਨੀ ਬਣਾਉਣ ਲਈ ਕੰਮ ਕਰ ਰਹੀਆਂ ਹਨ ਕਿ ਜਹਾਜ਼ 'ਤੇ ਕੋਈ ਖ਼ਤਰਾ ਮੌਜੂਦ ਨਾ ਹੋਵੇ। ਪੁਲਿਸ ਅਤੇ ਸੁਰੱਖਿਆ ਏਜੰਸੀਆਂ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਜਹਾਜ਼ ਦੇ ਟਾਇਲਟ ਸ਼ੀਸ਼ੇ 'ਤੇ ਧਮਕੀ ਭਰਿਆ ਸੁਨੇਹਾ ਕਿਸਨੇ ਲਿਖਿਆ ਸੀ ਅਤੇ ਇਸ ਦੇ ਪਿੱਛੇ ਕੌਣ ਹੈ। ਜਾਂਚ ਦੇ ਹਿੱਸੇ ਵਜੋਂ ਹਵਾਈ ਅੱਡੇ ਦੇ ਅਹਾਤੇ ਅਤੇ ਜਹਾਜ਼ ਦੇ ਅੰਦਰ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ। ਸੁਰੱਖਿਆ ਏਜੰਸੀਆਂ ਇਸ ਸਮੇਂ ਜਹਾਜ਼ ਦੀ ਤਲਾਸ਼ੀ ਲੈ ਰਹੀਆਂ ਹਨ ਅਤੇ ਧਮਕੀ ਦੇ ਸਰੋਤ ਦਾ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ।




## ਫ਼ੂਕ'ਤੀਆਂ ਬੱਸਾਂ, ਥਾਣਿਆਂ ਬਾਹਰ ਹੋਏ ਧਮਾਕੇ ! ਸ਼ੇਖ ਹਸੀਨਾ ਦੀ 'ਵਾਪਸੀ' ਵਿਚਾਲੇ ਬੰਗਲਾਦੇਸ਼ 'ਚ ਵਧਿਆ ਤਣਾਅ

**ਢਾਕਾ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਬੰਗਲਾਦੇਸ਼ ਦੀ ਰਾਜਧਾਨੀ ਢਾਕਾ 'ਚ ਪਿਛਲੇ ਕੁਝ ਦਿਨਾਂ ਤੋਂ ਹਿੰਸਾ ਦੀਆਂ ਘਟਨਾਵਾਂ ਵਧ ਗਈਆਂ ਹਨ। 8 ਅਤੇ 9 ਨਵੰਬਰ ਨੂੰ ਕਈ ਥਾਵਾਂ 'ਤੇ ਧਮਾਕੇ ਅਤੇ ਸਾੜ-ਫੂਕ ਹੋਈ। ਇਸ ਦੌਰਾਨ ਸਾਬਕਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਦੇ ਵਕੀਲਾਂ ਨੇ ਭਾਰਤ ਵਿਚ ਉਨ੍ਹਾਂ ਦੇ ਨਵੇਂ ਪਾਸਪੋਰਟ ਅਤੇ ਰਾਸ਼ਟਰੀ ਪਛਾਣ ਪੱਤਰ ਲਈ ਅਰਜ਼ੀ ਦਿੱਤੀ ਹੈ। ਹਸੀਨਾ ਨੇ ਕਿਹਾ ਹੈ ਕਿ ਉਹ ਦਸੰਬਰ ਵਿਚ ਬੰਗਲਾਦੇਸ਼ ਪਰਤਣਗੇ। ਉਨ੍ਹਾਂ ਦੇ ਪਰਤਣ ਤੋਂ ਪਹਿਲਾਂ ਹੀ ਦੇਸ਼ ਵਿਚ ਸਿਆਸੀ ਤਣਾਅ ਵਧਣ ਲੱਗਾ ਹੈ। ਢਾਕਾ ਮੈਟਰੋਪੋਲੀਟਨ ਪੁਲਸ ਮੁਤਾਬਕ ਰਾਜਧਾਨੀ ਦੇ ਲਗਭਗ 10 ਇਲਾਕਿਆਂ ਵਿਚ 15 ਤੋਂ 20 ਘਟਨਾਵਾਂ ਵਾਪਰੀਆਂ। ਇਨ੍ਹਾਂ ਵਿਚ ਦੇਸੀ ਬੰਬ ਸੁੱਟਣ ਅਤੇ ਗੱਡੀਆਂ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਸ਼ਾਮਲ ਹਨ। ਢਾਕਾ ਯੂਨੀਵਰਸਿਟੀ ਵਿਚ ਹੀ ਦੇਸੀ ਬੰਬ ਧਮਾਕੇ ਦੀਆਂ 6 ਘਟਨਾਵਾਂ ਹੋਈਆਂ। ਧਮਾਕੇ ਨੀਲਖੇਤ ਚੌਰਾਹੇ, ਯੂਨੀਵਰਸਿਟੀ ਦੇ ਮੁੱਖ ਗੇਟ, ਸੀਨੇਟ ਬਿਲਡਿੰਗ ਦੇ ਸਾਹਮਣੇ, ਮੈਟਰੋ ਸਟੇਸ਼ਨ ਦੇ ਨੇੜੇ ਅਤੇ ਸੂਫੀਆ ਕਮਾਲ ਹਾਲ ਦੇ ਬਾਹਰ ਹੋਏ। ਪੁਲਸ ਨੇ 3 ਲੋਕਾਂ ਨੂੰ ਹਿਰਾਸਤ ਵਿਚ ਲਿਆ। ਪੁਲਸ ਅੰਕੜਿਆਂ ਮੁਤਾਬਕ 1 ਅਕਤੂਬਰ ਤੋਂ 8 ਨਵੰਬਰ ਦੇ ਵਿਚਕਾਰ ਦੇਸ਼ ਭਰ ਵਿਚ ਦੇਸੀ ਬੰਬ ਧਮਾਕਿਆਂ ਦੀਆਂ 31 ਅਤੇ ਗੱਡੀਆਂ ਨੂੰ ਅੱਗ ਲਗਾਉਣ ਦੀਆਂ 14 ਘਟਨਾਵਾਂ ਦਰਜ ਕੀਤੀਆਂ ਗਈਆਂ। ਇਨ੍ਹਾਂ ਵਿਚ 2 ਲੋਕ ਜ਼ਖ਼ਮੀ ਹੋਏ, ਜਦੋਂ ਕਿ 51 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਪੁਲਸ ਨੇ ਇਨ੍ਹਾਂ ਹਮਲਿਆਂ ਪਿੱਛੇ ਸ਼ੇਖ ਹਸੀਨਾ ਦੀ ਪਾਰਟੀ ਅਵਾਮੀ ਲੀਗ ਅਤੇ ਉਸ ਨਾਲ ਜੁੜੇ ਸੰਗਠਨਾਂ ਦੇ ਲੋਕਾਂ ਦਾ ਹੱਥ ਹੋਣ ਦਾ ਸ਼ੱਕ ਜਤਾਇਆ ਹੈ। ਹਾਲਾਂਕਿ, ਅਧਿਕਾਰੀਆਂ ਦਾ ਕਹਿਣਾ ਹੈ ਕਿ ਜਾਂਚ ਅਜੇ ਸ਼ੁਰੂਆਤੀ ਦੌਰ ਵਿਚ ਹੈ। ਅਖ਼ਤਰ ਹੁਸੈਨ ਨੇ ਦੱਸਿਆ ਕਿ ਜਾਂਚ ਵਿਚ ਅਜਿਹੇ ਸੰਕੇਤ ਮਿਲੇ ਹਨ ਕਿ ਕੁਝ ਲੋਕਾਂ ਨੂੰ ਪੈਸੇ ਦੇ ਕੇ ਹਮਲੇ ਕਰਨ ਲਈ ਤਿਆਰ ਕੀਤਾ ਗਿਆ ਸੀ। ਅਵਾਮੀ ਲੀਗ ਨੇ ਪੁਲਸ ਦੇ ਦੋਸ਼ਾਂ ਨੂੰ ਖਾਰਿਜ ਕੀਤਾ ਹੈ।

## ਅਕਾਲੀ ਦਲ ਵਾਰਿਸ ਨੂੰ ਵੱਡਾ ਝਟਕਾ ! ਚੋਣ ਕਮਿਸ਼ਨ ਨੇ ਰਜਿਸਟ੍ਰੇਸ਼ਨ ਨੂੰ ਲੈ ਕੇ ਜ਼ਾਹਰ ਕੀਤੇ ਗੰਭੀਰ ਖਤਰੇ

**ਨਵੀਂ ਦਿੱਲੀ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ 2027 ਦੀਆਂ ਚੋਣਾਂ ਲੜਨ ਲਈ ਤਿਆਰੀਆਂ ਕਰ ਰਹੀ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਨੂੰ ਲਗਦੇ ਰੋਜ਼ਾਨਾ ਝਟਕਿਆਂ ਤੋਂ ਬਾਅਦ ਉਦੋਂ ਮੁਸ਼ਕਿਲਾਂ 'ਚ ਹੋਰ ਵਾਧਾ ਹੋ ਗਿਆ, ਜਦੋਂ ਚੋਣ ਕਮਿਸ਼ਨ ਨੇ ਰਜਿਸਟ੍ਰੇਸ਼ਨ ਨੂੰ ਲੈ ਕੇ ਗੰਭੀਰ ਸਵਾਲ ਖੜੇ ਕਰ ਦਿੱਤੇ। ਭਾਰਤੀ ਚੋਣ ਕਮਿਸ਼ਨ ਨੇ MP Amritpal Singh ਦੀ ਅਗਵਾਈ ਵਾਲੀ ਪਾਰਟੀ ਦੇ ਸਬੰਧ 'ਚ 10 ਨਵੰਬਰ ਨੂੰ ਦਿੱਲੀ ਹਾਈਕੋਰਟ ਨੂੰ ਦੱਸਿਆ ਹੈ ਕਿ ਉਸ ਨੂੰ ਅਕਾਲੀ ਦਲ ਖ਼ਿਲਾਫ਼ ਕੁਝ "ਬੇਹੱਦ ਗੰਭੀਰ ਅਤੇ ਅਤਿ ਸੰਵੇਦਨਸ਼ੀਲ" ਜਾਣਕਾਰੀਆਂ ਪ੍ਰਾਪਤ ਹੋਈਆਂ ਹਨ। ਕਮਿਸ਼ਨ ਮੁਤਾਬਕ, ਇਸ ਜਥੇਬੰਦੀ ਨੂੰ ਸਿਆਸੀ ਪਾਰਟੀ ਵਜੋਂ ਰਜਿਸਟਰ ਕਰਨ ਨਾਲ ਦੇਸ਼ ਦੀ ਪ੍ਰਭੂਸੱਤਾ ਅਤੇ ਅਖੰਡਤਾ 'ਤੇ ਮਾੜਾ ਪ੍ਰਭਾਵ ਪੈ ਸਕਦਾ ਹੈ। ਚੋਣ ਕਮਿਸ਼ਨ ਨੇ ਅਦਾਲਤ ਨੂੰ ਦੱਸਿਆ ਕਿ ਜਦੋਂ ਅਕਾਲੀ ਦਲ (ਵਾਰਿਸ ਪੰਜਾਬ ਦੇ) ਦੀ ਰਜਿਸਟ੍ਰੇਸ਼ਨ ਦਾ ਮਾਮਲਾ ਵਿਚਾਰ ਅਧੀਨ ਸੀ, ਤਾਂ ਜੁਲਾਈ 2026 ਵਿੱਚ ਉਸ ਨੂੰ ਇੱਕ ਸੰਵੇਦਨਸ਼ੀਲ ਇਨਪੁੱਟ ਮਿਲਿਆ ਸੀ। ਇਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਇਹ ਜਥੇਬੰਦੀ ਵੱਖਵਾਦੀ ਸੋਚ ਨਾਲ ਜੁੜੀਆਂ ਜੜ੍ਹਾਂ ਰੱਖਦੀ ਹੈ ਅਤੇ ਇਸ ਦੀ ਸਥਾਪਨਾ ਅਜਿਹੇ ਵਿਅਕਤੀਆਂ ਵੱਲੋਂ ਕੀਤੀ ਗਈ ਹੈ, ਜਿਨ੍ਹਾਂ ਨੂੰ ਕੌਮੀ ਸੁਰੱਖਿਆ ਕਾਨੂੰਨ ਤਹਿਤ ਹਿਰਾਸਤ ਵਿੱਚ ਰੱਖਿਆ ਗਿਆ ਸੀ। ਕਮਿਸ਼ਨ ਨੇ ਇਹ ਵੀ ਖ਼ਦਸ਼ਾ ਪ੍ਰਗਟਾਇਆ ਕਿ ਜਥੇਬੰਦੀ ਦੀ ਭਾਰਤ ਦੀ ਪ੍ਰਭੂਸੱਤਾ, ਏਕਤਾ ਅਤੇ ਅਖੰਡਤਾ ਪ੍ਰਤੀ ਵਫ਼ਾਦਾਰੀ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਹੁੰਦੇ ਹਨ। ਚੋਣ ਕਮਿਸ਼ਨ ਅਨੁਸਾਰ, ਪੰਜਾਬ ਦੇ ਮੁੱਖ ਚੋਣ ਅਧਿਕਾਰੀ (35®) ਨੇ 27 ਅਪ੍ਰੈਲ 2026 ਨੂੰ ਇਸ ਜਥੇਬੰਦੀ ਬਾਰੇ ਸਕਾਰਾਤਮਕ ਤਸਦੀਕ ਰਿਪੋਰਟ ਦਿੱਤੀ ਸੀ। ਹਾਲਾਂਕਿ, 9 ਜੁਲਾਈ 2026 ਨੂੰ ਜਥੇਬੰਦੀ ਦੀਆਂ ਕਥਿਤ "ਵੱਖਵਾਦੀ ਜੜ੍ਹਾਂ" ਬਾਰੇ ਇਤਰਾਜ਼ ਪ੍ਰਾਪਤ ਹੋਇਆ। ਇਸ ਤੋਂ ਬਾਅਦ ਚੋਣ ਕਮਿਸ਼ਨ ਨੇ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਨੂੰ ਜਥੇਬੰਦੀ ਦੇ ਪਿਛੋਕੜ ਦੀ ਵਿਆਪਕ ਜਾਂਚ ਕਰਨ ਅਤੇ ਇਸ ਸਬੰਧੀ ਵਿਸਥਾਰਪੂਰਵਕ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਸਨ। 3 ਨਵੰਬਰ ਨੂੰ ਦਾਇਰ ਨਵੇਂ ਹਲਫ਼ਨਾਮੇ ਵਿੱਚ ਚੋਣ ਕਮਿਸ਼ਨ ਨੇ ਕਿਹਾ ਸੀ ਕਿ ਰਿਪੋਰਟ ਮਿਲਣ ਤੋਂ ਬਾਅਦ ਜੇਕਰ ਜਾਂਚ ਦਾ ਨਤੀਜਾ ਹਾਂ-ਪੱਖੀ ਰਿਹਾ ਤਾਂ ਰਜਿਸਟ੍ਰੇਸ਼ਨ ਲਈ ਕਾਨੂੰਨ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇਗੀ। ਇਸ ਦੇ ਨਾਲ ਹੀ ਕਮਿਸ਼ਨ ਨੇ ਅਦਾਲਤ ਨੂੰ ਪਟੀਸ਼ਨ ਦਾ ਨਿਪਟਾਰਾ ਕਰਨ ਦੀ ਅਪੀਲ ਕੀਤੀ ਸੀ। ਜਸਟਿਸ ਬੈਨਰਜੀ ਨੇ ਚੋਣ ਕਮਿਸ਼ਨ ਦੀਆਂ ਦਲੀਲਾਂ ਨੂੰ ਨੋਟ ਕਰਦਿਆਂ ਮਾਮਲੇ ਦੀ ਅਗਲੀ ਸੁਣਵਾਈ ਲਈ 11 ਜਨਵਰੀ 2027 ਦੀ ਤਰੀਕ ਤੈਅ ਕੀਤੀ ਹੈ।




## 'ਆਪ' ਸਰਕਾਰ ਦੀ ਆਸ਼ੀਰਵਾਦ ਸਕੀਮ ਵਿੱਚ ਕਰੋੜਾਂ ਦਾ ਘਪਲਾ, 10 ਖਾਤਿਆਂ 'ਚ 57 ਵਾਰ ਪਹੁੰਚੀ ਰਕਮ

**ਚੰਡੀਗੜ੍ਹ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੀ ਆਸ਼ੀਰਵਾਦ ਸਕੀਮ ਵਿੱਚ ਕਥਿਤ ਵਿੱਤੀ ਬੇਨਿਯਮੀਆਂ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਮਾਮਲੇ ਨੂੰ ਲੈ ਕੇ ਵਿਜੀਲੈਂਸ ਬਿਊਰੋ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮੁੱਢਲੀ ਜਾਂਚ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਅੰਦਰ ਸਾਲ 2023 ਤੋਂ 2025 ਦੌਰਾਨ ਸਕੀਮ ਤਹਿਤ ਰਾਸ਼ੀ ਵੰਡਣ ਵਿੱਚ ਕਈ ਬੇਨਿਯਮੀਆਂ ਸਾਹਮਣੇ ਆਈਆਂ ਹਨ। ਦੂਜੇ ਪਾਸੇ ਸਮਾਜਿਕ ਨਿਆਂ ਅਤੇ ਘੱਟਗਿਣਤੀ ਵਿਭਾਗ ਵੱਲੋਂ ਕੀਤੀ ਗਈ ਜਾਂਚ ਵਿੱਚ ਵੀ 62 ਮਾਮਲਿਆਂ ਵਿੱਚ ਗ਼ਲਤ ਅਦਾਇਗੀ ਹੋਣ ਦੀ ਪੁਸ਼ਟੀ ਕੀਤੀ ਗਈ ਹੈ। ਜਾਣਕਾਰੀ ਅਨੁਸਾਰ ਤਰਨ ਤਾਰਨ ਜ਼ਿਲ੍ਹੇ ਦੇ ਨਵਦੀਪ ਸਿੰਘ ਪੱਟੀ ਨੇ ਇਸ ਸਬੰਧੀ ਪੰਜਾਬ ਸਰਕਾਰ ਕੋਲ ਸ਼ਿਕਾਇਤ ਦਰਜ ਕਰਵਾਈ ਸੀ। ਇਸ ਤੋਂ ਬਾਅਦ ਵਿਜੀਲੈਂਸ ਬਿਊਰੋ ਮੁਹਾਲੀ ਨੇ ਸ਼ਿਕਾਇਤ ਨੰਬਰ 415/2026 ਦਰਜ ਕਰ ਕੇ ਸਮਾਜਿਕ ਨਿਆਂ ਅਤੇ ਘੱਟਗਿਣਤੀ ਵਿਭਾਗ ਤੋਂ ਸਬੰਧਤ ਰਿਕਾਰਡ ਮੰਗਵਾ ਲਿਆ ਹੈ। ਵਿਜੀਲੈਂਸ ਨੇ ਅੰਮ੍ਰਿਤਸਰ ਦੇ ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਤੋਂ ਸਾਲ 2023 ਤੋਂ 2025 ਤੱਕ ਆਈਆਂ ਅਰਜ਼ੀਆਂ ਅਤੇ ਰਾਸ਼ੀ ਪ੍ਰਾਪਤ ਕਰਨ ਵਾਲੇ ਲਾਭਪਾਤਰੀਆਂ ਦਾ ਪੂਰਾ ਵੇਰਵਾ ਵੀ ਤਲਬ ਕੀਤਾ ਹੈ। ਸ਼ਿਕਾਇਤ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ 10 ਅਜਿਹੇ ਲਾਭਪਾਤਰੀ ਸਾਹਮਣੇ ਆਏ ਹਨ, ਜਿਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਆਸ਼ੀਰਵਾਦ ਸਕੀਮ ਤਹਿਤ ਵਾਰ-ਵਾਰ ਪੈਸੇ ਟਰਾਂਸਫਰ ਕੀਤੇ ਗਏ। ਇਨ੍ਹਾਂ 10 ਲਾਭਪਾਤਰੀਆਂ ਦੇ ਖਾਤਿਆਂ ਵਿੱਚ ਕੁੱਲ 57 ਐਂਟਰੀਆਂ ਦਰਜ ਹੋਣ ਦਾ ਦਾਅਵਾ ਹੈ। ਇਨ੍ਹਾਂ ਵਿੱਚ ਜੋਬਨਦੀਪ ਸਿੰਘ ਨਾਮ ਦੇ ਲਾਭਪਾਤਰੀ ਦੇ ਖਾਤੇ ਵਿੱਚ 13 ਐਂਟਰੀਆਂ ਹੋਈਆਂ ਹਨ। ਖ਼ਾਸ ਗੱਲ ਇਹ ਹੈ ਕਿ 16 ਮਈ 2023 ਨੂੰ ਇੱਕੋ ਦਿਨ ਤਿੰਨ ਅਤੇ 21 ਅਗਸਤ 2023 ਨੂੰ ਛੇ ਵਾਰ ਰਾਸ਼ੀ ਟਰਾਂਸਫਰ ਕੀਤੀ ਗਈ। ਇਸੇ ਤਰ੍ਹਾਂ ਬਲਜਿੰਦਰ ਕੌਰ ਅਤੇ ਮਨਜਿੰਦਰ ਕੌਰ ਦੇ ਖਾਤਿਆਂ ਵਿੱਚ ਅੱਠ-ਅੱਠ ਐਂਟਰੀਆਂ, ਜਦਕਿ ਵਿਕਰਮਜੀਤ ਸਿੰਘ ਅਤੇ ਗੁਰਮੀਤ ਕੌਰ ਦੇ ਖਾਤਿਆਂ ਵਿੱਚ ਛੇ-ਛੇ ਐਂਟਰੀਆਂ ਦਰਜ ਕੀਤੀਆਂ ਗਈਆਂ ਹਨ। ਨਿਯਮਾਂ ਮੁਤਾਬਕ ਇੱਕ ਪਰਿਵਾਰ ਦੀਆਂ ਵੱਧ ਤੋਂ ਵੱਧ ਦੋ ਧੀਆਂ ਹੀ ਇਸ ਸਕੀਮ ਦਾ ਲਾਭ ਲੈ ਸਕਦੀਆਂ ਹਨ। ਅਜਿਹੇ ਵਿੱਚ ਇੱਕੋ ਲਾਭਪਾਤਰੀ ਦੇ ਖਾਤੇ ਵਿੱਚ ਵਾਰ-ਵਾਰ ਰਾਸ਼ੀ ਪਹੁੰਚਣ ਦੇ ਮਾਮਲਿਆਂ ਨੇ ਜਾਂਚ ਨੂੰ ਹੋਰ ਅਹਿਮ ਬਣਾ ਦਿੱਤਾ ਹੈ। ਇਸ ਮਾਮਲੇ ਵਿੱਚ ਵਿੱਤ ਵਿਭਾਗ ਦੇ ਵਧੀਕ ਡਾਇਰੈਕਟਰ (ਖ਼ਜ਼ਾਨਾ ਤੇ ਲੇਖਾ) ਵੱਲੋਂ 6 ਅਕਤੂਬਰ ਨੂੰ ਮੀਟਿੰਗ ਵੀ ਕੀਤੀ ਗਈ ਸੀ, ਜਿਸ ਵਿੱਚ ਸਬੰਧਤ ਵਿਭਾਗ ਦੇ ਉੱਚ ਅਧਿਕਾਰੀ ਸ਼ਾਮਲ ਹੋਏ ਸਨ। ਇਸ ਤੋਂ ਬਾਅਦ ਸਮਾਜਿਕ ਨਿਆਂ ਅਤੇ ਅਧਿਕਾਰਤਾ ਤੇ ਘੱਟਗਿਣਤੀ ਵਿਭਾਗ ਨੇ ਜਾਂਚ ਦਾ ਦਾਇਰਾ ਪੰਜ ਜ਼ਿਲ੍ਹਿਆਂ ਤੱਕ ਵਧਾ ਦਿੱਤਾ ਹੈ। ਮਾਨਸਾ, ਅੰਮ੍ਰਿਤਸਰ, ਕਪੂਰਥਲਾ, ਜਲੰਧਰ ਅਤੇ ਫ਼ਾਜ਼ਿਲਕਾ ਵਿੱਚ ਆਸ਼ੀਰਵਾਦ ਸਕੀਮ ਦੇ ਲਾਭਪਾਤਰੀਆਂ ਦੀ ਜਾਂਚ ਲਈ ਜ਼ਿਲ੍ਹਾ ਪੱਧਰੀ ਕਮੇਟੀਆਂ ਬਣਾਈਆਂ ਗਈਆਂ ਹਨ। ਜ਼ਿਕਰਯੋਗ ਹੈ ਕਿ ਲਾਭਪਾਤਰੀਆਂ ਨੂੰ ਰਾਸ਼ੀ ਜਾਰੀ ਕਰਨ ਲਈ ਸੂਬਾ ਪੱਧਰ 'ਤੇ ਭੁਗਤਾਨ ਪੋਰਟਲ ਬਣਾਇਆ ਗਿਆ ਹੈ। ਸ਼ਿਕਾਇਤਕਰਤਾ ਨਵਦੀਪ ਸਿੰਘ ਪੱਟੀ ਨੇ ਮਾਮਲੇ ਨੂੰ ਲੈ ਕੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਦਰਵਾਜ਼ਾ ਖੜਕਾਉਣ ਦੀ ਚਿਤਾਵਨੀ ਵੀ ਦਿੱਤੀ ਸੀ। ਉਨ੍ਹਾਂ ਦਾ ਕਹਿਣਾ ਹੈ ਕਿ ਇਸ ਤਰ੍ਹਾਂ ਦੀਆਂ ਬੇਨਿਯਮੀਆਂ ਸਿਰਫ਼ ਅੰਮ੍ਰਿਤਸਰ ਤੱਕ ਸੀਮਤ ਨਹੀਂ ਹੋ ਸਕਦੀਆਂ, ਇਸ ਲਈ ਪੂਰੇ ਪੰਜਾਬ ਦੇ ਜ਼ਿਲ੍ਹਿਆਂ ਵਿੱਚ ਜਾਂਚ ਹੋਣੀ ਚਾਹੀਦੀ ਹੈ। ਸਮਾਜਿਕ ਨਿਆਂ ਅਤੇ ਘੱਟਗਿਣਤੀ ਵਿਭਾਗ ਦੀ ਡਾਇਰੈਕਟਰ ਵਿੰਮੀ ਭੁੱਲਰ ਮੁਤਾਬਕ ਵਿਭਾਗ ਵੱਲੋਂ ਆਪਣੇ ਪੱਧਰ 'ਤੇ ਕਰਵਾਈ ਗਈ ਜਾਂਚ ਦੌਰਾਨ ਅੰਮ੍ਰਿਤਸਰ ਜ਼ਿਲ੍ਹੇ ਵਿੱਚ 62 ਮਾਮਲਿਆਂ ਵਿੱਚ ਗ਼ਲਤ ਅਦਾਇਗੀ ਹੋਣ ਦਾ ਪਤਾ ਲੱਗਾ ਹੈ।





## ਈ. ਡੀ. ਵੱਲੋਂ ਵਿਧਾਇਕਾ ਅਮਨਦੀਪ ਕੌਰ ਨੂੰ ਸੰਮਨ

**ਨਵੀਂ ਦਿੱਲੀ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਮੋਗਾ ਤੋਂ ਆਮ ਆਦਮੀ ਪਾਰਟੀ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੂੰ ਜ਼ਮੀਨੀ ਘੁਟਾਲੇ ਨਾਲ ਸਬੰਧਤ ਮਾਮਲੇ ਵਿਚ ਈ. ਡੀ. ਨੇ ਪੁੱਛਗਿੱਛ ਲਈ ਸੰਮਨ ਜਾਰੀ ਕੀਤਾ ਹੈ। ਸੂਤਰ ਦੱਸਦੇ ਹਨ ਕਿ ਵਿਧਾਇਕਾ ਨੂੰ 25 ਨਵੰਬਰ ਨੂੰ ਚੰਡੀਗੜ੍ਹ ਸਥਿਤ ਈ. ਡੀ. ਨੇ ਜ਼ੋਨਲ ਦਫ਼ਤਰ ਵਿਚ ਸੱਦਿਆ ਹੈ। ਇਹ ਵੀ ਪਤਾ ਲੱਗਾ ਹੈ ਕਿ ਈ. ਡੀ. ਅਧਿਕਾਰੀਆਂ ਨੇ ਜਾਂਚ ਅਧੀਨ ਜਾਇਦਾਦਾਂ ਬਾਰੇ ਹੋਰ ਜਾਣਕਾਰੀ ਅਤੇ ਦਸਤਾਵੇਜ਼ ਮੰਗੇ ਹਨ ਅਤੇ ਉਨ੍ਹਾਂ ਪੇਸ਼ੀ ਦੌਰਾਨ ਜਾਇਦਾਦਾਂ ਨਾਲ ਸਬੰਧਤ ਸਾਰੇ ਰਿਕਾਰਡ ਨੂੰ ਨਾਲ ਲੈ ਕੇ ਆਉਣ ਦੀ ਖਾਸ ਹਦਾਇਤ ਕੀਤੀ ਗਈ ਹੈ। ਦੱਸਣਯੋਗ ਹੈ ਕਿ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ) ਨੇ ਬੁੱਧਵਾਰ 4 ਨਵੰਬਰ ਤੜਕਸਾਰ ਮੋਗਾ ਤੋਂ ਆਮ ਆਦਮੀ ਪਾਰਟੀ ਦੀ ਵਿਧਾਇਕਾ 'ਤੇ ਪੰਜਾਬ ਮਹਿਲਾ ਵਿੰਗ ਦੀ ਪ੍ਰਧਾਨ ਡਾ. ਅਮਨਦੀਪ ਕੌਰ ਅਰੋੜਾ ਦੇ ਕਈ ਟਿਕਾਣਿਆਂ 'ਤੇ ਇਕੋ ਸਮੇਂ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ ਜਲੰਧਰ ਤੋਂ ਵਾਇਆ ਧਰਮਕੋਟ ਰਾਹੀਂ ਲੰਘਦੇ ਕੌਮੀ ਸ਼ਾਹ ਮਾਰਗ 754 ਏ ਦੀ ਐਕਵਾਇਰ ਜ਼ਮੀਨ ਦਾ ਗਲਤ ਢੰਗ ਨਾਲ ਇੰਤਕਾਲ ਕਰਕੇ ਪਟਵਾਰੀ ਨਵਦੀਪ ਸਿੰਘ ਵਲੋਂ ਪਿੰਡ ਕਿਸ਼ਨਪੁਰਾ ਖੁਰਦ ਦੀ ਵਸਨੀਕ ਦਿਲਕੁਸ਼ ਕੁਮਾਰੀ ਦੇ ਖਾਤੇ ਵਿਚ 1 ਕਰੋੜ ਤੋਂ ਵਧੇਰੇ ਦੀ ਰਕਮ ਪਾਈ ਸੀ 'ਤੇ ਬਾਅਦ ਵਿਚ ਜਾਂਚ ਦੌਰਾਨ ਇਹ ਐਕਵਾਇਰ ਜਗ੍ਹਾ ਦੇ ਸਰਕਾਰੀ ਹੋਣ ਦਾ ਪਤਾ ਲੱਗਾ ਸੀ ਤੇ 16 ਜੂਨ 2024 ਨੂੰ ਇਸ ਮਾਮਲੇ ਵਿਚ ਪਟਵਾਰੀ ਨਵਦੀਪ ਸਿੰਘ ਅਤੇ ਸਾਥੀਆਂ ਵਿਰੁੱਧ ਮੁਕੱਦਮਾ ਦਰਜ ਹੋਇਆ ਸੀ। ਸੂਤਰ ਆਖਦੇ ਹਨ ਇਸ ਮਾਮਲੇ ਦੀ ਜਾਂਚ ਅੱਗੇ ਵਧਾਉਦੇ ਹੋਏ ਈ.ਡੀ ਦੀ ਗਾਜ਼ ਵਿਧਾਇਕ ਅਮਨਦੀਪ ਕੌਰ ਅਰੋੜਾ ਅਤੇ ਪਰਿਵਾਰਿਕ ਮੈਂਬਰਾਂ 'ਤੇ ਡਿੱਗੀ। ਇਸ ਮਗਰੋਂ ਈਡੀ ਦੀ ਟੀਮ ਵਲੋਂ ਬਾਘਾ ਪੁਰਾਣਾ ਸਥਿਤ ਵਿਧਾਇਕ ਅਮਨਦੀਪ ਕੌਰ ਅਰੋੜਾ ਦੇ ਪਤੀ ਡਾ. ਰਾਕੇਸ਼ ਅਰੋੜਾ ਦੀ ਮਲਕੀਅਤ ਵਾਲੇ ਪ੍ਰਾਈਵੇਟ ਨਸ਼ਾ ਛੁਡਾਊ ਹਸਪਤਾਲ 'ਤੇ ਵੀ ਰੇਡ ਕੀਤੀ ਗਈ ਸੀ। ਵਿਧਾਇਕਾ ਨੂੰ ਸੰਮਨ ਜਾਰੀ ਕਰਨ ਦੀ ਇਹ ਕਾਰਵਾਈ ਈਡੀ ਵੱਲੋਂ ਸੱਤ ਵੱਖ-ਵੱਖ ਥਾਵਾਂ 'ਤੇ ਕੀਤੀ ਗਈ ਲਗਾਤਾਰ 36 ਘੰਟਿਆਂ ਦੀ ਛਾਪੇਮਾਰੀ ਤੋਂ ਕੁਝ ਦਿਨਾਂ ਬਾਅਦ ਹੋਈ ਹੈ। ਇਨ੍ਹਾਂ ਥਾਵਾਂ ਵਿਚ ਮੋਗਾ ਸਥਿਤ ਵਿਧਾਇਕਾ ਦੀ ਰਿਹਾਇਸ਼, 'ਆਈਕਾਨ ਹਾਈਟਸ' ਵਿਚ ਸਥਿਤ ਇਕ ਫਲੈਟ ਅਤੇ ਉਨ੍ਹਾਂ ਦੇ ਪਤੀ ਡਾ. ਰਾਕੇਸ਼ ਅਰੋੜਾ ਨਾਲ ਸਬੰਧਤ ਜਾਇਦਾਦਾਂ ਸ਼ਾਮਲ ਸਨ।






ਆਵਾਜ਼ਿ ਕੌਮ AWAZE QAUM International Newspaper & WEB TV











## ਸਮੂਹ ਪੱਤਰਕਾਰਾਂ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੇ ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਗ਼ੈਰ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ਨੂੰ ਛਾਪਣ ਤੋਂ ਅਸਮਰਥ ਹੋਵਾਂਗੇ। -ਭਾਈ ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ

### ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਭਾਈ ਜਗਜੀਤ ਸਿੰਘ ਬਬੀਹਾ ਅਤੇ ਭਾਈ ਕੁਲਵਿੰਦਰ ਸਿੰਘ ਖਰੜ ਦੇ

# ਕੀਰਤਨੀ ਜਥਿਆਂ 'ਤੇ ਇੱਕ ਮਹੀਨੇ ਦੀ ਰੋਕ

### ਗੁਰਮਤਿ ਦੀ ਸਿੱਖਿਆ ਲੈਣ ਅਤੇ ਲੰਗਰ ਹਾਲ ਵਿੱਚ ਸੇਵਾ ਕਰਨ ਦੇ ਆਦੇਸ਼; ਇੱਕ ਮਹੀਨੇ ਬਾਅਦ ਪ੍ਰਮਾਣ ਪੱਤਰਾਂ ਸਮੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਣਾ ਪਵੇਗਾ ਪੇਸ਼

**ਸ੍ਰੀ ਅੰਮ੍ਰਿਤਸਰ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਭਾਈ ਜਗਜੀਤ ਸਿੰਘ ਬਬੀਹਾ ਅਤੇ ਭਾਈ ਕੁਲਵਿੰਦਰ ਸਿੰਘ ਖਰੜ ਦੇ ਕੀਰਤਨੀ ਜਥਿਆਂ ਨੂੰ ਸੰਗਤ ਵਿੱਚ ਕੀਰਤਨ ਕਰਨ ਤੋਂ ਇੱਕ ਮਹੀਨੇ ਲਈ ਰੋਕ ਦਿੱਤੀ ਗਈ ਹੈ। ਇਹ ਪਾਬੰਦੀ 13 ਨਵੰਬਰ 2026 ਤੋਂ 12 ਦਸੰਬਰ 2026 ਤੱਕ ਲਾਗੂ ਰਹੇਗੀ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਆਦੇਸ਼ਾਂ ਅਨੁਸਾਰ ਇਹ ਕਾਰਵਾਈ ਦੋਵਾਂ ਕੀਰਤਨੀ ਜਥਿਆਂ ਵਿਚਕਾਰ ਪਿਛਲੇ ਕੁਝ ਸਮੇਂ ਤੋਂ ਚੱਲ ਰਹੇ ਆਪਸੀ ਵਿਵਾਦ ਅਤੇ ਸੰਗਤ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਲਗਾਤਾਰ ਮਿਲ ਰਹੀਆਂ ਸ਼ਿਕਾਇਤਾਂ ਦੇ ਮੱਦੇਨਜ਼ਰ ਕੀਤੀ ਗਈ ਹੈ।

ਸਕੱਤਰੇਤ ਵੱਲੋਂ ਜਾਰੀ ਆਦੇਸ਼ ਅਨੁਸਾਰ ਭਾਈ ਜਗਜੀਤ ਸਿੰਘ ਬਬੀਹਾ ਇੱਕ ਮਹੀਨੇ ਲਈ ਸ਼ਹੀਦ ਸਿੱਖ ਮਿਸ਼ਨਰੀ ਕਾਲਜ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਅਤੇ ਭਾਈ ਕੁਲਵਿੰਦਰ ਸਿੰਘ ਖਰੜ ਗੁਰਮਤਿ ਸੰਗੀਤ ਅਕੈਡਮੀ, ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰਮਤਿ ਦੀ ਸਿੱਖਿਆ ਪ੍ਰਾਪਤ ਕਰਨਗੇ। ਇਸ ਦੌਰਾਨ ਉਨ੍ਹਾਂ ਨੂੰ ਸਿੱਖ ਰਹਿਤ ਮਰਯਾਦਾ, ਸੰਗਤ ਵਿੱਚ ਵਿਚਰਨ ਦੇ ਢੰਗ ਅਤੇ ਗੁਰਮਤਿ ਸੰਗੀਤ ਦੀ ਸੂਝ ਪ੍ਰਾਪਤ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਇਸ ਤੋਂ ਇਲਾਵਾ ਦੋਵਾਂ ਨੂੰ ਮਨ ਵਿੱਚ ਨਿਮਰਤਾ ਅਤੇ ਸੇਵਾ ਭਾਵਨਾ ਪੈਦਾ ਕਰਨ ਲਈ ਲੰਗਰ ਹਾਲ ਵਿੱਚ ਸਵੇਰੇ ਅਤੇ ਸ਼ਾਮ ਸੇਵਾ ਕਰਨ ਦੇ ਆਦੇਸ਼ ਵੀ ਦਿੱਤੇ ਗਏ ਹਨ। ਇੱਕ ਮਹੀਨੇ ਦੀ ਸਿੱਖਿਆ ਅਤੇ ਸੇਵਾ ਪੂਰੀ ਕਰਨ ਉਪਰੰਤ ਦੋਵੇਂ ਕੀਰਤਨੀਏ ਆਪੋ-ਆਪਣੀਆਂ ਸੰਸਥਾਵਾਂ ਤੋਂ ਪ੍ਰਮਾਣ ਪੱਤਰ ਪ੍ਰਾਪਤ ਕਰਕੇ ਨਿੱਜੀ ਤੌਰ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਪੇਸ਼ ਹੋਣਗੇ। ਸਕੱਤਰੇਤ ਵੱਲੋਂ ਜਾਰੀ ਆਦੇਸ਼ ਵਿੱਚ ਕਿਹਾ ਗਿਆ ਹੈ ਕਿ ਗੁਰਬਾਣੀ ਕੀਰਤਨ ਗੁਰੂ ਸਾਹਿਬ ਵੱਲੋਂ ਬਖ਼ਸ਼ੀ ਅਨਮੋਲ ਦਾਤ ਹੈ ਅਤੇ ਇਹ ਰੂਹ ਦੀ ਖੁਰਾਕ ਹੈ। ਗੁਰਬਾਣੀ ਕੀਰਤਨ ਕਰਨ ਵਾਲੇ ਵਿਅਕਤੀ ਅੰਦਰ ਗੁਰੂ ਪ੍ਰਤੀ ਭੈਅ-ਭਾਵਨੀ, ਨਿਮਰਤਾ, ਸਿੱਖ ਰਹਿਤ ਮਰਯਾਦਾ ਦੀ ਜਾਣਕਾਰੀ ਅਤੇ ਗੁਰਬਾਣੀ ਦੀ ਪਰੰਪਰਾਗਤ ਸੰਗੀਤ ਪ੍ਰਣਾਲੀ ਦਾ ਗਿਆਨ ਹੋਣਾ ਬੇਹੱਦ ਜ਼ਰੂਰੀ ਹੈ। ਆਦੇਸ਼ ਵਿੱਚ ਦੋਵਾਂ ਕੀਰਤਨੀ ਜਥਿਆਂ ਵੱਲੋਂ ਪਿਛਲੇ ਸਮੇਂ ਦੌਰਾਨ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਬਾਣੀ ਕੀਰਤਨ ਦੀ ਮਰਯਾਦਾ ਦੀ ਉਲੰਘਣਾ ਕਰਨ ਅਤੇ ਇੱਕ-ਦੂਜੇ ਵਿਰੁੱਧ ਸੋਸ਼ਲ ਮੀਡੀਆ 'ਤੇ ਕਥਿਤ ਤੌਰ 'ਤੇ ਹਲਕੇ ਪੱਧਰ ਦੀ ਬਿਆਨਬਾਜ਼ੀ ਕਰਨ 'ਤੇ ਵੀ ਇਤਰਾਜ਼ ਜਤਾਇਆ ਗਿਆ ਹੈ। ਇੱਥੋਂ ਤੱਕ ਕਿ ਗੁਰਦੁਆਰਾ ਸਾਹਿਬਾਨ ਦੇ ਦੀਵਾਨ ਹਾਲ ਵਿੱਚੋਂ ਵੀ ਇੱਕ-ਦੂਜੇ ਵਿਰੁੱਧ ਦੁਸ਼ਣਬਾਜ਼ੀ ਕੀਤੇ ਜਾਣ ਦਾ ਜ਼ਿਕਰ ਕੀਤਾ ਗਿਆ ਹੈ।

ਸਕੱਤਰੇਤ ਅਨੁਸਾਰ ਅਜਿਹੇ ਵਰਤਾਰੇ ਨਾਲ ਪੁਰਾਤਨ ਕੀਰਤਨੀਆਂ ਅਤੇ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨੂੰ ਭਾਰੀ ਠੇਸ ਪਹੁੰਚੀ ਹੈ। ਇਸੇ ਦੇ ਮੱਦੇਨਜ਼ਰ ਦੋਵਾਂ ਜਥਿਆਂ ਨੂੰ ਗੁਰਮਤਿ ਦੀ ਸਿੱਖਿਆ, ਨਿਮਰਤਾ ਅਤੇ ਸੇਵਾ ਭਾਵਨਾ ਨਾਲ ਜੋੜਨ ਲਈ ਇਹ ਆਦੇਸ਼ ਜਾਰੀ ਕੀਤੇ ਗਏ ਹਨ।



ਸਕੱਤਰੇਤ
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Secretariat
Sri Akal Takhat Sahib, Sri Amritsar Sahib

ਨੰਬਰ.ਅਾ:ਤਖ/੪੨੮ ਮਿਤੀ ੧੧-੧੧-੨੦੨੬

ਭਾਈ ਜਗਜੀਤ ਸਿੰਘ (ਬਬੀਹਾ), ਭਾਈ ਕੁਲਵਿੰਦਰ ਸਿੰਘ ਖਰੜ
ਰਾਗੀ ਜਥਾ।

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

ਗੁਰਬਾਣੀ ਕੀਰਤਨ ਗੁਰ ਪਾਤਸ਼ਾਹ ਵੱਲੋਂ ਬਖਸ਼ੀ ਦਾਤ ਹੈ, ਗੁਰਬਾਣੀ ਕੀਰਤਨ ਰੂਹ ਦੀ ਖੁਰਾਕ ਹੈ। ਗੁਰਬਾਣੀ ਕੀਰਤਨ ਕਰਨ ਵਾਲੇ ਇਨਸਾਨ ਵਿਚ ਗੁਰੂ ਦੀ ਭੈਅ ਭਾਵਨੀ, ਨਿਮਰਤਾ, ਸਿੱਖ ਰਹਿਤ ਮਰਯਾਦਾ ਦੀ ਜਾਣਕਾਰੀ ਅਤੇ ਗੁਰਬਾਣੀ ਸੰਗੀਤ ਪ੍ਰਣਾਲੀ ਦਾ ਗਿਆਨ ਹੋਣਾ ਜ਼ਰੂਰੀ ਹੈ। ਪਿਛਲੇ ਕੁਝ ਸਮੇਂ ਤੋਂ ਆਪ ਦੋਵਾਂ ਵੱਲੋਂ ਜਿਥੇ ਗੁਰਬਾਣੀ ਕੀਰਤਨ ਦੀ ਮਰਯਾਦਾ ਦੀ ਉਲੰਘਣਾ ਕੀਤੀ ਗਈ ਹੈ, ਉੱਥੇ ਇੱਕ ਦੂਜੇ ਖਿਲਾਫ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਸੋਸ਼ਲ ਮੀਡੀਆ ਰਾਹੀਂ ਹਲਕੇ ਪੱਧਰ ਦੀ ਦੂਸ਼ਣਬਾਜੀ ਵੀ ਕੀਤੀ ਜਾ ਰਹੀ ਹੈ। ਜਿਸ ਨਾਲ ਪੁਰਾਤਨ ਕੀਰਤਨੀਏ ਅਤੇ ਸੰਗਤਾਂ ਦੀਆਂ ਭਾਵਨਾਵਾਂ ਨੂੰ ਭਾਰੀ ਠੇਸ ਪਹੁੰਚੀ ਹੈ। ਇਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਲਿਖਤੀ ਸ਼ਿਕਾਇਤਾਂ ਵੀ ਪੁੱਜੀਆਂ ਹਨ। ਜਿਸ ਦੇ ਮੱਦੇਨਜਰ ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਵੱਲੋਂ ਹੋਏ ਆਦੇਸ਼ ਅਨੁਸਾਰ ਲਿਖਿਆ ਜਾਂਦਾ ਹੈ ਕਿ ਸਿੱਖ ਰਹਿਤ ਮਰਯਾਦਾ, ਸੰਗਤ ਵਿਚ ਵਿਚਰਨ ਅਤੇ ਗੁਰਮਤਿ ਸੰਗੀਤ ਦੀ ਸੋਝੀ ਪ੍ਰਾਪਤ ਕਰਨ ਲਈ ਭਾਈ ਜਗਜੀਤ ਸਿੰਘ (ਬਬੀਹਾ) ਸ਼ਹੀਦ ਸਿੰਘ ਮਿਸ਼ਨਰੀ ਕਾਲਜ, ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਭਾਈ ਕੁਲਵਿੰਦਰ ਸਿੰਘ ਖਰੜ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਇੱਕ ਮਹੀਨੇ ਲਈ ਗੁਰਮਤਿ ਦੀ ਜਾਣਕਾਰੀ ਪ੍ਰਾਪਤ ਕਰਨ ਅਤੇ ਮਨ ਵਿਚ ਨਿਮਰਤਾ ਲਿਆਉਣ ਲਈ ਲੰਗਰ ਹਾਲ ਵਿਚ ਸਵੇਰੇ-ਸ਼ਾਮ ਸੇਵਾ ਕਰਨ ਉਪਰੰਤ ਇੱਕ ਮਹੀਨੇ ਬਾਅਦ ਆਪ ਨੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਉਕਤ ਸੰਸਥਾਵਾਂ ਤੋਂ ਪ੍ਰਮਾਣ ਪੱਤਰ ਲੈ ਕੇ ਨਿਜੀ ਰੂਪ ਵਿਚ ਪੇਸ਼ ਹੋਣਾ ਹੈ। ਇਸ ਸਮੇਂ ਦੌਰਾਨ ਆਪ ਪੂਰ ਮਿਤੀ ੧੭-੧੧-੨੦੨੬ ਤੋਂ ੧੨-੧੨-੨੦੨੬ ਤੀਕ ਸੰਗਤ ਵਿਚ ਕੀਰਤਨ ਕਰਨ 'ਤੇ ਰੋਕ ਲਗਾਈ ਜਾਂਦੀ ਹੈ।

ਧੰਨਵਾਦ ਸਹਿਤ

(ਬਰੀਦਾਂ ਸਿੰਘ)
ਇੰਚਾਰਜ,
ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।








ਆਵਾਜ਼ਿ ਕੌਮ AWAZE QAUM
International Newspaper & WEB TV

# TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

## ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

## ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ ਕੌਮ AWAZE QAUM International Newspaper & WEB TV

## ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ

ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਧਰ)

ਸਾਡਾ ਪਤਾ: Lambra near Jalandhar

ਆਵਾਜ਼ਿ ਕੌਮ AWAZE QAUM

# ਇੱਕ ਨਜ਼ਰ...





## ਐਚਐਮਈਐਲ ਵੱਲੋਂ ਜੱਜਲ, ਗਾਟਵਾਲੀ ਅਤੇ ਪਿੰਡ ਤਿਉਣਾ ਪੁਜਾਰੀਆਂ ਦੇ ਸਰਕਾਰੀ ਸਕੂਲ ਵਿੱਚ ਹੋਣਹਾਰ ਵਿਦਿਆਰਥੀਆਂ ਨੂੰ ਸਕਾਲਰਸ਼ਿਪ, ਲੈਪਟਾਪ ਤੇ ਟੈਬਲੇਟ ਪ੍ਰਦਾਨ ਕੀਤੇ


### ਮੌਜੂਦਾ ਸਾਲ ਦੌਰਾਨ ਕੁੱਲ 165 ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ ਸਕਾਲਰਸ਼ਿਪ, 2018 ਵਿੱਚ ਸ਼ੁਰੂ ਹੋਏ ਪ੍ਰੋਗਰਾਮ ਤਹਿਤ ਹੁਣ ਤੱਕ 2,000 ਤੋਂ ਵੱਧ ਵਿਦਿਆਰਥੀਆਂ ਨੂੰ ਮਿਲੀ ਸਕਾਲਰਸ਼ਿਪ, 1,400 ਤੋਂ ਵੱਧ ਲੜਕੀਆਂ ਸ਼ਾਮਲ

ਤਲਵੰਡੀ ਸਾਬੋ, 11 ਨਵੰਬਰ (ਗੁਰਜੰਟ ਸਿੰਘ ਨਥੇਹਾ)- ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਹੋਣਹਾਰ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨੂੰ ਉੱਚ ਸਿੱਖਿਆ ਦੇ ਬਿਹਤਰ ਮੌਕੇ ਪ੍ਰਦਾਨ ਕਰਨ ਦੇ ਉਦੇਸ਼ ਨਾਲ ਐਚਐਮਈਐਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ ਇੱਕ ਵਿਸ਼ੇਸ਼ ਸਕਾਲਰਸ਼ਿਪ ਪ੍ਰੋਗਰਾਮ ਚਲਾਇਆ ਜਾ ਰਿਹਾ ਹੈ। ਸਕਾਲਰਸ਼ਿਪ ਵੰਡ ਮੁਹਿੰਮ ਤਹਿਤ ਜੱਜਲ ਹਾਈ ਸਕੂਲ, ਗੱਟਵਾਲੀ ਹਾਈ ਸਕੂਲ ਅਤੇ ਪਿੰਡ ਤਿਓਣਾ ਪੁਜਾਰੀਆਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਹੋਣਹਾਰ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਅਤੇ ਲੈਪਟਾਪ ਤੇ ਟੈਬਲੇਟ ਪ੍ਰਦਾਨ ਕੀਤੇ ਗਏ। ਮੌਜੂਦਾ ਸਾਲ ਦੌਰਾਨ ਕੁੱਲ 165 ਵਿਦਿਆਰਥੀਆਂ ਨੂੰ ਇਸ ਪ੍ਰੋਗਰਾਮ ਤਹਿਤ ਸਕਾਲਰਸ਼ਿਪ ਦਿੱਤੀ ਜਾ ਰਹੀ ਹੈ। ਸਾਲ 2018 ਵਿੱਚ ਸ਼ੁਰੂ ਕੀਤੀ ਗਈ ਇਸ ਪਹਿਲਕਦਮੀ ਰਾਹੀਂ ਕੰਪਨੀ ਸਰਕਾਰੀ ਸਕੂਲਾਂ ਦੇ ਹੋਣਹਾਰ ਵਿਦਿਆਰਥੀਆਂ ਨੂੰ ਆਰਥਿਕ ਸਹਾਇਤਾ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਆਧੁਨਿਕ ਡਿਜੀਟਲ ਸਿੱਖਿਆ ਦੇ ਸਾਧਨਾਂ ਨਾਲ ਵੀ ਜੋੜ ਰਹੀ ਹੈ। ਇਸ ਪ੍ਰੋਗਰਾਮ ਤਹਿਤ ਹੁਣ ਤੱਕ 2,000 ਤੋਂ ਵੱਧ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦਿੱਤੀ ਜਾ ਚੁੱਕੀ ਹੈ, ਜਿਨ੍ਹਾਂ ਵਿੱਚ 1,400 ਤੋਂ ਵੱਧ ਲੜਕੀਆਂ ਸ਼ਾਮਲ ਹਨ। ਇਹ ਅੰਕੜਾ ਰੂਰਲ ਖੇਤਰਾਂ ਦੀਆਂ ਧੀਆਂ ਨੂੰ ਸਿੱਖਿਆ ਰਾਹੀਂ ਅੱਗੇ ਵਧਾਉਣ ਅਤੇ ਉਨ੍ਹਾਂ ਨੂੰ ਆਪਣੇ ਸੁਪਨੇ ਪੂਰੇ ਕਰਨ ਲਈ ਉਤਸ਼ਾਹਿਤ ਕਰਨ ਪ੍ਰਤੀ ਐਚਐਮਈਐਲ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਐਚਐਮਈਐਲ ਵੱਲੋਂ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਨਤੀਜਿਆਂ ਅਤੇ ਮੈਰਿਟ ਦੇ ਆਧਾਰ 'ਤੇ ਵੱਖ-ਵੱਖ ਸ਼੍ਰੇਣੀਆਂ ਵਿੱਚ ਸਕਾਲਰਸ਼ਿਪ ਦਿੱਤੀ ਜਾਂਦੀ ਹੈ। ਬਾਰ੍ਹਵੀਂ ਜਮਾਤ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਨੂੰ 75,000 ਰੁਪਏ, ਦੂਜਾ ਸਥਾਨ ਹਾਸਲ ਕਰਨ ਵਾਲੇ ਨੂੰ 65,000 ਰੁਪਏ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਨੂੰ 55,000 ਰੁਪਏ ਦੀ ਨਕਦ ਸਕਾਲਰਸ਼ਿਪ ਦੇ ਨਾਲ ਲੈਪਟਾਪ ਦਿੱਤਾ ਜਾਂਦਾ ਹੈ। ਇਸੇ ਤਰ੍ਹਾਂ ਦਸਵੀਂ ਜਮਾਤ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀ ਨੂੰ 60,000 ਰੁਪਏ, ਦੂਜਾ ਸਥਾਨ ਪ੍ਰਾਪਤ ਕਰਨ ਵਾਲੇ ਨੂੰ 50,000 ਰੁਪਏ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਨੂੰ 40,000 ਰੁਪਏ ਦੀ ਨਕਦ ਸਕਾਲਰਸ਼ਿਪ ਦੇ ਨਾਲ ਟੈਬਲੇਟ ਦਿੱਤਾ ਜਾਂਦਾ ਹੈ। ਇਸ ਤੋਂ ਇਲਾਵਾ, ਬਾਰ੍ਹਵੀਂ ਜਮਾਤ, ਦਸਵੀਂ ਜਮਾਤ ਵਿੱਚ 85 ਫ਼ੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਹਰੇਕ ਯੋਗ ਵਿਦਿਆਰਥੀ ਨੂੰ 30,000 ਰੁਪਏ ਦੀ ਸਕਾਲਰਸ਼ਿਪ ਦਿੱਤੀ ਜਾਂਦੀ ਹੈ। ਨਕਦ ਸਹਾਇਤਾ ਦੇ ਨਾਲ ਲੈਪਟਾਪ ਅਤੇ ਟੈਬਲੇਟ ਦੇਣ ਦਾ ਉਦੇਸ਼ ਵਿਦਿਆਰਥੀਆਂ ਨੂੰ ਡਿਜੀਟਲ ਸਿੱਖਿਆ ਦੇ ਸਾਧਨਾਂ ਨਾਲ ਜੋੜਨਾ ਹੈ, ਤਾਂ ਜੋ ਉਹ ਆਨਲਾਈਨ ਅਧਿਐਨ, ਵਿਸ਼ਿਆਂ ਦੀ ਡੂੰਘੀ ਸਮਝ ਅਤੇ NEET, JEE ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਵੀ ਕਰ ਸਕਣ। ਇਸ ਤਰ੍ਹਾਂ ਇਹ ਪ੍ਰੋਗਰਾਮ ਸਿਰਫ਼ ਮੈਰਿਟ ਨੂੰ ਸਨਮਾਨਿਤ ਕਰਨ ਤੱਕ ਸੀਮਿਤ ਨਹੀਂ ਹੈ, ਸਗੋਂ ਵਿਦਿਆਰਥੀਆਂ ਦੇ ਅਗਲੇ ਅਕਾਦਮਿਕ ਸਫ਼ਰ ਵਿੱਚ ਵੀ ਸਹਾਇਕ ਬਣ ਰਿਹਾ ਹੈ। ਇਸ ਪਹਿਲਕਦਮੀ ਦਾ ਸਭ ਤੋਂ ਮਹੱਤਵਪੂਰਨ ਪ੍ਰਭਾਵ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵਿੱਚ ਵਧ ਰਹੇ ਆਤਮਵਿਸ਼ਵਾਸ ਅਤੇ ਪੜ੍ਹਾਈ ਪ੍ਰਤੀ ਉਤਸ਼ਾਹ ਦੇ ਰੂਪ ਵਿੱਚ ਦੇਖਣ ਨੂੰ ਮਿਲ ਰਿਹਾ ਹੈ। ਜਦੋਂ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਮਿਹਨਤ ਲਈ ਸਕਾਲਰਸ਼ਿਪ, ਲੈਪਟਾਪ ਅਤੇ ਹੋਰ ਸਹੂਲਤਾਂ ਮਿਲਦੀਆਂ ਹਨ, ਤਾਂ ਉਨ੍ਹਾਂ ਵਿੱਚ ਹੋਰ ਮਿਹਨਤ ਕਰਨ ਅਤੇ ਆਪਣੇ ਸਾਥੀਆਂ ਤੋਂ ਬਿਹਤਰ ਪ੍ਰਦਰਸ਼ਨ ਕਰਨ ਦੀ ਪ੍ਰੇਰਣਾ ਪੈਦਾ ਹੁੰਦੀ ਹੈ। ਇਸ ਨਾਲ ਸਰਕਾਰੀ ਸਕੂਲਾਂ ਵਿੱਚ ਵੀ ਸਿਹਤਮੰਦ ਮੁਕਾਬਲੇ ਦੀ ਭਾਵਨਾ ਨੂੰ ਹੁਲਾਰਾ ਮਿਲਿਆ ਹੈ। ਇਸ ਦੇ ਨਤੀਜੇ ਵਜੋਂ ਕਈ ਵਿਦਿਆਰਥੀ JEE ਅਤੇ NEET ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਪਾਸ ਕਰਕੇ ਦੇਸ਼ ਦੇ ਨਾਮਵਰ ਇੰਜੀਨੀਅਰਿੰਗ ਅਤੇ ਮੈਡੀਕਲ ਸੰਸਥਾਨਾਂ ਵਿੱਚ ਦਾਖ਼ਲਾ ਹਾਸਲ ਕਰ ਰਹੇ ਹਨ। ਇਸ ਦੀ ਇੱਕ ਪ੍ਰੇਰਨਾਦਾਇਕ ਉਦਾਹਰਨ ਤਲਵੰਡੀ ਸਾਬੋ ਦੇ ਪਿੰਡ ਮਿਰਜੇਆਣਾ ਦੇ ਵਿਦਿਆਰਥੀ ਹਰਮਨਦੀਪ ਦੀ ਹੈ। ਹਰਮਨਦੀਪ ਨੇ ਬਾਰ੍ਹਵੀਂ ਜਮਾਤ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕਾਲਰਸ਼ਿਪ ਅਤੇ ਲੈਪਟਾਪ ਪ੍ਰਾਪਤ ਕੀਤਾ ਸੀ। ਇਸ ਸਹਾਇਤਾ ਨਾਲ ਉਸ ਨੂੰ ਆਨਲਾਈਨ ਪੜ੍ਹਾਈ ਅਤੇ NEET ਦੀ ਤਿਆਰੀ ਕਰਨ ਵਿੱਚ ਮਦਦ ਮਿਲੀ। ਆਪਣੀ ਮਿਹਨਤ, ਲਗਨ ਅਤੇ ਦ੍ਰਿੜ੍ਹ ਇਰਾਦੇ ਨਾਲ ਉਸ ਨੇ NEET ਦੀ ਪ੍ਰੀਖਿਆ ਪਾਸ ਕੀਤੀ ਅਤੇ ਅੱਜ ਉਹ ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਵਿੱਚ MBBS ਦੀ ਪੜ੍ਹਾਈ ਕਰ ਰਿਹਾ ਹੈ। ਇਸੇ ਤਰ੍ਹਾਂ ਪਿੰਡ ਰਾਮਸਰਾ ਦੇ ਸਰਕਾਰੀ ਸਕੂਲ ਦੇ ਵਿਦਿਆਰਥੀ ਗੁਰਦਾਸ ਸਿੰਘ ਨੇ ਦਸਵੀਂ ਜਮਾਤ ਵਿੱਚ ਸਕਾਲਰਸ਼ਿਪ ਪ੍ਰਾਪਤ ਕੀਤੀ ਸੀ। ਸਕਾਲਰਸ਼ਿਪ ਨਾਲ ਮਿਲੇ ਉਤਸ਼ਾਹ ਅਤੇ ਆਪਣੀ ਲਗਾਤਾਰ ਮਿਹਨਤ ਦੇ ਬਲ 'ਤੇ ਉਸ ਨੇ ਪੜ੍ਹਾਈ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਬਾਅਦ ਵਿੱਚ JEE ਦੀ ਪ੍ਰੀਖਿਆ ਵੀ ਪਾਸ ਕੀਤੀ। ਅੱਜ ਉਹ ©9" ਜਲੰਧਰ ਵਿੱਚ ਇੰਜੀਨੀਅਰਿੰਗ ਦੀ ਪੜ੍ਹਾਈ ਕਰ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਣਮੱਤੀ ਸ਼ਖ਼ਸੀਅਤ ਸਨ ਡਾ: ਇੰਦਰਜੀਤ ਸਿੰਘ ਪੰਜਾਬ ਸਿੰਧ ਬੈਂਕ ਵਾਲੇ

## 12 ਨਵੰਬਰ ਜਨਮ ਦਿਨ 'ਤੇ ਵਿਸ਼ੇਸ਼



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਤੋਂ ਪਹਿਲੇ ਚੀਫ਼ ਖ਼ਾਲਸਾ ਦੀਵਾਨ ਵਰਗੀ ਇਕ ਅਜਿਹੀ ਸੰਸਥਾ ਹੋਂਦ ਵਿੱਚ ਆ ਚੁੱਕੀ ਸੀ, ਇਸ ਸੰਸਥਾ ਵਿੱਚ ਕਾਰਜਸ਼ੀਲ ਬੁੱਧੀਜੀਵੀ ਸਿੱਖ ਆਗੂਆਂ ਦੀ ਸੋਚ ਸੀ ਸਿੱਖ ਭਾਈਚਾਰਾ/ਕੌਮ ਜਿਥੇ ਸਖ਼ਤ ਮਿਹਨਤ ਤੇ ਮੁਸ਼ੱਕਤ ਦਾ ਧਾਰਨੀ ਹੈ, ਉਥੇ ਵਿਉਪਾਰਕ ਪੱਖ ਤੋਂ ਬਹੁਤ ਪਛੜਿਆ ਹੋਇਆ ਹੈ । ਇਸ ਸਮੱਸਿਆ ਦੇ ਹੱਲ ਲਈ ਵਿੱਦਿਅਕ ਸੰਸਥਾਵਾਂ ਦੀ ਸਥਾਪਨਾ ਵੱਲ ਧਿਆਨ ਦਿੱਤਾ ਗਿਆ । ਹੁਣ ਡਾ: ਭਾਈ ਵੀਰ ਸਿੰਘ ਦੇ ਭਾਈ ਸਾਹਿਬ ਡਾ: ਬਲਬੀਰ ਸਿੰਘ ਜੋ ਖੁਦ ਵੱਡੇ ਵਿਦਵਾਨ ਵਜੋਂ ਜਾਣੇ ਜਾਂਦੇ ਸਨ, ਨੇ ਇਕ ਅਜਿਹੀ ਬੈਂਕ ਦੀ ਸਥਾਪਨਾ ਕਰਨ ਲਈ ਸਿਰ ਤੋੜ ਯਤਨ ਆਰੰਭ ਕੀਤੇ, ਉਨ੍ਹਾਂ ਦੇ ਵਿਚਾਰ ਮੁਤਾਬਿਕ ਜੇ ਕਿਸੇ ਕੌਮ ਨੇ ਤਰੱਕੀ ਦੀਆਂ ਮੰਜ਼ਿਲਾਂ ਨੂੰ ਛੂਹਣਾ ਹੈ, ਤਾਂ ਆਰਥਿਕ ਪੱਖੋਂ ਮਜ਼ਬੂਤ ਹੋਣਾ ਬਹੁਤ ਜ਼ਰੂਰੀ ਹੈ । ਇਸ ਤੋਂ ਪਹਿਲਾਂ 1908 ਈ: ਇਕ ਹੋਰ ਸਿੱਖ ਬੁੱਧੀਜੀਵੀ ਸ । ਤਰਲੋਚਨ ਸਿੰਘ ਨੇ ਬੈਂਕ ਦੀ ਸਥਾਪਨਾ ਦੀ ਸੋਚ ਨੂੰ ਲੈ ਕੇ ਬੜੀ ਸਖ਼ਤ ਘਾਲਣਾ ਘਾਲੀ । ਇਸੇ ਕਾਰਜ ਨੂੰ ਅੱਗੇ ਵਧਾਉਣ ਲਈ ਭਾਈ ਵੀਰ ਸਿੰਘ ਦੇ ਭਰਾਤਾ ਡਾ: ਬਲਬੀਰ ਸਿੰਘ ਨੇ ਬੇਮਿਸਾਲ ਯੋਗਦਾਨ ਪਾਇਆ । ਜਿਸ ਨੂੰ ਤੋੜ ਮੰਜ਼ਿਲ ਤੱਕ ਪਹੁੰਚਾਉਣ ਲਈ ਪੰਥ ਰਤਨ, ਗੁਰਸਿੱਖ ਬੈਂਕਰ ਡਾ: ਇੰਦਰਜੀਤ ਸਿੰਘ ਜੋ ਵਿਸ਼ੇਸ਼ ਗੁਣ ਲੈਕੇ ਪੈਦਾ ਹੋਏ ਸਨ ਨੇ ਆਪਣਾ ਸਮੁੱਚਾ ਜੀਵਨ ਪੰਜਾਬੀਆਂ ਦੀ ਆਰਥਿਕਤਾ ਦੀ ਮਜ਼ਬੂਤੀ ਲਈ ਸਮਰਪਿਤ ਕਰ ਦਿੱਤਾ । ਡਾ: ਇੰਦਰਜੀਤ ਸਿੰਘ ਦਾ ਜਨਮ 12 ਨਵੰਬਰ, 1911 ਨੂੰ ਹੋਇਆ । ਡਾ: ਸਾਹਿਬ ਦਾ ਪਹਿਲਾ ਨਾਂਅ ਹੀਰਾ ਲਾਲ ਸੀ । ਡਾਕਟਰ ਇੰਦਰਜੀਤ ਸਿੰਘ ਨੂੰ ਗੁਰਮਤਿ ਦੀ ਸਿੱਖਿਆ ਮਾਤਾ ਜੀ ਤੋਂ ਪ੍ਰਾਪਤ ਹੋਈ । ਮਾਤਾ ਜੀ ਗੁਰੂ ਘਰ ਨਾਲ ਜੁੜੀ ਅਜਿਹੀ ਸਰਬਗੁਣ ਸੰਪੰਨ ਮਾਂ ਸਨ, ਜੋ ਰੋਜ਼ਾਨਾ ਗੁਰੂ-ਘਰ ਬਿਨਾਂ ਨਾਗਾ ਜਾਂਦੇ ਸਨ, ਗਰਮੀ, ਬਰਸਾਤ ਜਾਂ ਸਰਦੀ ਹੋਵੇ, ਮਾਤਾ ਜੀ ਨੇ ਮੌਸਮ ਦੀ ਪ੍ਰਵਾਹ ਕੀਤੇ ਬਿਨਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਦਰਸ਼ਨ ਕੀਤੇ ਬਗੈਰ ਅੰਨ-ਜਲ ਗ੍ਰਹਿਣ ਨਹੀਂ ਸੀ ਕਰਦੇ, ਆਪਣੇ ਇਸ ਹੋਣਹਾਰ ਬੱਚੇ ਨੂੰ ਗੁਰਮਤਿ ਦੀ ਗੁੜ੍ਹਤੀ ਦੇਣ ਵਿੱਚ ਕੋਈ ਕਸਰ ਨਹੀਂ ਸੀ ਛੱਡੀ ।

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



ਗੁਰਬਾਣੀ ਦੀ ਸਿੱਖਿਆ ਤੋਂ ਇਲਾਵਾ ਭਾਈ ਸਾਹਿਬ ਭਾਈ ਵੀਰ ਸਿੰਘ ਦੀਆਂ ਲਿਖਤਾਂ ਤੇ ਰਚਨਾਵਾਂ ਦਾ ਅਸਰ ਅਜਿਹਾ ਸੀ ਜਿਸ ਸਦਕਾ ਬਹੁਤ ਛੋਟੀ ਉਮਰ ਵਿੱਚ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਕੇ ਸਿੰਘ ਸੱਜ ਗਏ । ਅੰਮ੍ਰਿਤ ਛਕਣ ਤੋਂ ਬਾਅਦ ਆਪ ਹੁਣ ਇੰਦਰਜੀਤ ਸਿੰਘ ਬਣ ਚੁੱਕੇ ਸਨ । ਅਕਾਲ ਪੁਰਖ ਵਾਹਿਗੁਰੂ ਨੇ ਅਜਿਹੀ ਕ੍ਰਿਪਾ ਕੀਤੀ ਕਿ ਆਪ ਸਾਰੀ ਹਯਾਤੀ ਗੁਰੂ ਪੰਥ ਨੂੰ ਸਮਰਪਿਤ ਰਹੇ, ਨਿਮਰਤਾ ਤੇ ਹਲੀਮੀ ਉਨ੍ਹਾਂ ਦੇ ਸੁਭਾਅ ਦਾ ਮੀਰੀ ਗੁਣ ਸੀ । ਉਨ੍ਹਾਂ ਜੀਵਨ ਭਰ ਬਿਬੇਕਸ਼ੀਲਤਾ 'ਤੇ ਪਹਿਰਾ ਦਿੱਤਾ । ਮਿਲਵਰਤਣ ਅਤੇ ਸਹਿਯੋਗ ਨੂੰ ਆਪਣੇ ਜੀਵਨ ਦਾ ਆਦਰਸ਼ ਬਣਾ ਕੇ ਵਿਚਰੇ । ਸਹਿਜ ਬਿਰਤੀ ਕਰਕੇ ਹਰ ਮਿਲਣ ਵਾਲਾ ਉਨ੍ਹਾਂ ਤੋਂ ਪ੍ਰਭਾਵਿਤ ਹੁੰਦਾ ਸੀ । ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਾਵਨ-ਬਾਣੀ ਨੂੰ ਜੀਵਨ-ਜੁਗਤਿ ਵਜੋਂ ਅਪਨਾਇਆ । ਇਸ ਅਤੁੱਟ ਵਿਸ਼ਵਾਸ ਦੇ ਧਾਰਨੀ ਹੋਣ ਕਰਕੇ ਹਰ ਕੋਈ ਉਨ੍ਹਾਂ ਦੀ ਪਹਿਲੀ ਮਿਲਣੀ ਤੋਂ ਹੀ ਪ੍ਰਭਾਵਿਤ ਹੋ ਜਾਂਦਾ ਸੀ ।

ਗੁਰਮਤਿ ਕਦਰਾਂ ਕੀਮਤਾਂ ਨਾਲ ਓਤ-ਪੋਤ ਪੜ੍ਹਿਆ-ਲਿਖਿਆ ਸਿੱਖ ਨੌਜਵਾਨ ਜਦੋਂ ਵੀ ਮਿਲਦਾ, ਉਨ੍ਹਾਂ ਦੀ ਚੁੰਬਕੀ ਸ਼ਖ਼ਸੀਅਤ ਦੀ ਖਿੱਚ ਉਸ ਨੂੰ ਆਪਣਾ ਬਣਾ ਲੈਂਦੀ । ਗੁਰਸਿੱਖ ਨੌਜਵਾਨਾਂ ਵਿੱਚੋਂ ਉਨ੍ਹਾਂ ਨੂੰ ਪੰਜਾਬ ਦਾ ਭਵਿੱਖ ਵਿਖਾਈ ਦਿੰਦਾ ਸੀ । ਹੁਣ ਉਨ੍ਹਾਂ ਡਾ: ਭਾਈ ਵੀਰ ਸਿੰਘ ਦੇ ਭਰਾਤਾ ਡਾ: ਬਲਬੀਰ ਸਿੰਘ ਨਾਲ ਮਿਲਕੇ ਪੰਜਾਬ ਐਂਡ ਸਿੰਧ ਬੈਂਕ ਦੀ ਸਥਾਪਨਾ ਕੀਤੀ । ਇਸ ਬੈਂਕ ਨੇ ਬੈਂਕ ਇੰਡਸਟਰੀ ਵਿੱਚ ਐਸਾ ਨਾਮਣਾ ਖੱਟਿਆ ਕਿ ਸਾਰੇ ਰਿਕਾਰਡ ਹੀ ਮਾਤ ਪਾ ਦਿੱਤੇ । ਬੈਂਕ ਵਿੱਚ ਕੰਮ ਕਰਨ ਵਾਲੇ ਹਜ਼ਾਰਾਂ ਨੌਜਵਾਨਾਂ ਨੂੰ ਰੁਜ਼ਗਾਰ ਹੀ ਨਹੀਂ ਮਿਲਿਆ, ਸਗੋਂ ਪੰਜਾਬ ਦੀ ਆਰਥਿਕਤਾ ਨੂੰ ਸੁਧਾਰਨ ਵਿੱਚ ਵੀ ਅਜਿਹਾ ਵੱਡਮੁੱਲਾ ਕਾਰਜ ਕੀਤਾ, ਜਿਸ ਸਦਕਾ ਡਾ: ਇੰਦਰਜੀਤ ਸਿੰਘ ਤਾਅ ਜੀਵਨ ਇਸ ਬੈਂਕ ਦੇ ਚੇਅਰਮੈਨ ਰਹੇ । ਡਾ: ਇੰਦਰਜੀਤ ਸਿੰਘ ਨੇ ਜਿਹੜਾ ਕਾਰਜ ਗੁਰੂ ਸਾਹਿਬ ਦਾ ਓਟ-ਆਸਰਾ ਲੈ ਕੇ ਆਰੰਭ ਕੀਤਾ ਸੀ, ਉਸ ਕਾਰਜ ਵਿੱਚ ਡਾ: ਸਾਹਿਬ ਗੁਰੂ ਦੀਆਂ ਖੁਸ਼ੀਆਂ ਦੇ ਪਾਤਰ ਬਣੇ । ਇਸ ਬੈਂਕ ਇੰਡਸਟਰੀ ਨੇ ਬੁਲੰਦੀਆਂ ਨੂੰ ਛੋਹਿਆ । ਦੇਸ਼ ਦੇ ਉੱਚ ਸਿੱਖਿਆ ਪ੍ਰਾਪਤ ਨੌਜਵਾਨਾਂ ਦੇ ਪਰਿਵਾਰਾਂ ਨੂੰ ਜਿਥੇ ਰੁਜ਼ਗਾਰ ਦਿੱਤਾ, ਉਨ੍ਹਾਂ ਦੇ ਆਰਥਿਕ ਹਾਲਾਤ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਗੁਰਸਿੱਖੀ ਦੀ ਸੰਭਾਲ ਲਈ ਡਾ। ਭਾਈ ਵੀਰ ਸਿੰਘ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਜੀਵਨ ਦਾ ਹਰ ਪਲ ਸਮਰਪਿਤ ਕੀਤਾ । ਇਸ ਤੋਂ ਇਲਾਵਾ ਬੈਂਕ ਆਫ਼ ਪੰਜਾਬ ਦੇ ਨਾਲ-ਨਾਲ ਗੁਰੂ ਨਾਨਕ ਫਾਉਂਡੇਸ਼ਨ ਵੱਲੋਂ ਚੱਲ ਰਹੀਆਂ ਸਿੱਖ ਸੰਸਥਾਵਾਂ ਦੇ ਵੀ ਚੇਅਰਮੈਨ ਵਜੋਂ ਵੀ ਸੇਵਾਵਾਂ ਬਾਖੂਬੀ ਨਿਭਾਈਆਂ । ਪੰਥ ਦੀ ਸਤਿਕਾਰੀ ਹਸਤੀ ਜਥੇਦਾਰ ਗੁਰਚਰਨ ਸਿੰਘ ਟੌਹੜਾ ਡਾ: ਇੰਦਰਜੀਤ ਸਿੰਘ ਨੂੰ ਗੁਰਸਿੱਖ ਜਵਾਨੀ ਨੂੰ ਸੰਭਾਲਣ ਵਾਲਾ ਚਾਨਣ ਮੁਨਾਰਾ ਕਿਹਾ ਕਰਦੇ ਸਨ । ਅਜੀਤ ਦੇ ਬਾਨੀ ਸ। ਸਾਧੂ ਸਿੰਘ ਹਮਦਰਦ ਵੀ ਉਨ੍ਹਾਂ ਦੇ ਵੱਡੇ ਕਦਰਦਾਨ ਸਨ । ਪ੍ਰਿੰਸੀਪਲ ਸਤਬੀਰ ਸਿੰਘ ਅਜਿਹੇ ਸਿੱਖ ਵਿਦਵਾਨ ਤੇ ਇਤਿਹਾਸਕਾਰ ਸਨ, ਜਦੋਂ ਵੀ ਕੋਈ ਨਵੀਂ ਪੁਸਤਕ ਛਪਦੀ ਸੀ, ਉਸ ਦੀ ਘੁੰਡ-ਚੁਕਾਈ ਡਾ: ਇੰਦਰਜੀਤ ਸਿੰਘ ਪਾਸੋਂ ਕਰਵਾਉਂਦੇ ਸਨ । ਪ੍ਰਿੰਸੀਪਲ ਸਾਹਿਬ ਦਾ ਉਨ੍ਹਾਂ ਨਾਲ ਨਿੱਜੀ ਸਨੇਹ ਸੀ । 6 ਅਕਤੂਬਰ, 1998 ਈ: ਨੂੰ ਅੰਮ੍ਰਿਤ ਵੇਲੇ ਇਹ ਮਹਾਨ ਸ਼ਖ਼ਸੀਅਤ ਆਪਣੇ ਲੱਖਾਂ ਸਨੇਹੀਆਂ ਨੂੰ ਅਛੋਪਲੇ ਜਿਹੇ ਅਲਵਿਦਾ ਆਖ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੀ । ਉਨ੍ਹਾਂ ਵੱਲੋਂ ਸਥਾਪਿਤ ਬੈਂਕਾਂ ਤੇ ਹੋਰ ਅਦਾਰਿਆਂ ਵਿੱਚ ਕਾਰਜਸ਼ੀਲ ਰਹਿ ਚੁੱਕੇ ਸੇਵਾ-ਮੁਕਤ ਬੈਂਕ ਅਫ਼ਸਰ ਜਾਂ ਹੋਰ ਅਹੁਦਿਆਂ 'ਤੇ ਰਹਿ ਚੁੱਕੇ ਹਜ਼ਾਰਾਂ ਪਰਿਵਾਰਾਂ ਦੇ ਮੁਖੀ ਉਨ੍ਹਾਂ ਨੂੰ ਆਪਣੇ ਰੁਜ਼ਗਾਰਦਾਤਾ ਵਜੋਂ ਸ਼ਰਧਾਂਜਲੀ ਦੇ ਰਹੇ ਹਨ । ਡਾ: ਸਾਹਿਬ ਦੀ ਯਾਦ ਸਦੀਵੀ ਬਣੀ ਰਹੇਗੀ ।

ਆਵਾਜ਼ਿ ਕੌਮ AWAZE QAUM International Newspaper & WEB TV

# ਅਮਰੀਕਾ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਕਥਿਤ ਗੈਰ-ਅਧਿਕਾਰਤ ਛਪਾਈ ਦਾ ਮਾਮਲਾ: ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਤਿੰਦਰ ਸਿੰਘ ਸਚਦੇਵਾ ਤਲਬ

**ਛਪਾਈ ਤੁਰੰਤ ਬੰਦ ਕਰਨ ਅਤੇ 10 ਦਸੰਬਰ ਤੱਕ ਪੂਰਾ ਰਿਕਾਰਡ ਲੈ ਕੇ ਨਿੱਜੀ ਤੌਰ 'ਤੇ ਪੇਸ਼ ਹੋਣ ਦੇ ਆਦੇਸ਼; ਛੇ ਹੋਰ ਵਿਅਕਤੀਆਂ ਤੋਂ 15 ਦਿਨਾਂ ਅੰਦਰ ਲਿਖਤੀ ਸਪੱਸ਼ਟੀਕਰਨ ਮੰਗਿਆ**


ਸਕੱਤਰੇਤ
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Secretariat
Sri Akal Takhat Sahib, Sri Amritsar Sahib


ਸ੍ਰੀ ਅਕਾਲ ਤਖ਼ਤ ਸਾਹਿਬ
Sri Akal Takhat Sahib, Sri Amritsar (Pb.) India
ਹੁਕਮਨਾਮਾ


ਸਕੱਤਰੇਤ
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Secretariat
Sri Akal Takhat Sahib, Sri Amritsar Sahib

ਸ੍ਰੀ ਅੰਮ੍ਰਿਤਸਰ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)- ਅਮਰੀਕਾ ਵਿੱਚ ਕਥਿਤ ਤੌਰ 'ਤੇ ਅਣਅਧਿਕਾਰਤ ਪ੍ਰੈੱਸ ਸਥਾਪਤ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਛਪਾਈ ਅਤੇ ਸੰਗਤ ਵਿੱਚ ਵੰਡ ਕਰਨ ਦੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਨਿਊਯਾਰਕ ਨਿਵਾਸੀ ਸ. ਜਤਿੰਦਰ ਸਿੰਘ ਸਚਦੇਵਾ ਨੂੰ ਤਲਬ ਕੀਤਾ ਗਿਆ ਹੈ। ਉਨ੍ਹਾਂ ਨੂੰ 10 ਦਸੰਬਰ 2026 ਤੱਕ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਨਿੱਜੀ ਤੌਰ 'ਤੇ ਪੇਸ਼ ਹੋਣ ਦੇ ਆਦੇਸ਼ ਜਾਰੀ ਕੀਤੇ ਗਏ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਆਦੇਸ਼ਾਂ ਅਨੁਸਾਰ ਇਹ ਕਾਰਵਾਈ ਵਿਦੇਸ਼ ਦੀਆਂ ਸੰਗਤਾਂ ਵੱਲੋਂ ਪ੍ਰਾਪਤ ਹੋਈਆਂ ਲਿਖਤੀ ਸ਼ਿਕਾਇਤਾਂ ਦੇ ਆਧਾਰ 'ਤੇ ਕੀਤੀ ਗਈ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵੱਲੋਂ ਜਾਰੀ ਆਦੇਸ਼ ਅਨੁਸਾਰ, ਸ. ਜਤਿੰਦਰ ਸਿੰਘ ਸਚਦੇਵਾ ਵੱਲੋਂ 'ਘਰ ਘਰ ਅੰਦਰ ਧਰਮਸਾਲ' ਸੰਸਥਾ ਦੇ ਨਾਮ ਹੇਠ ਕਥਿਤ ਤੌਰ 'ਤੇ ਬਿਨਾਂ ਅਧਿਕਾਰ ਪਾਵਨ ਸਰੂਪਾਂ ਦੀ ਛਪਾਈ ਅਤੇ ਵੰਡ ਕੀਤੀ ਜਾ ਰਹੀ ਹੈ। ਆਦੇਸ਼ ਵਿੱਚ 9 ਮਈ 1998 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਹੋਏ ਹੁਕਮਨਾਮੇ ਦਾ ਹਵਾਲਾ ਦਿੰਦਿਆਂ ਕਿਹਾ ਗਿਆ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਛਪਾਈ ਦਾ ਅਧਿਕਾਰ ਪੰਥ ਦੀ ਨੁਮਾਇੰਦਾ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਕੋਲ ਹੈ। ਇਸ ਲਈ ਆਪਣੀ ਮਰਜ਼ੀ ਨਾਲ ਪਾਵਨ ਸਰੂਪਾਂ ਦੀ ਛਪਾਈ ਕਰਨਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੀ ਉਲੰਘਣਾ ਅਤੇ ਪੰਥ ਵਿੱਚ ਦੁਫੇੜ ਪਾਉਣ ਵਾਲੀ ਕਾਰਵਾਈ ਕਰਾਰ ਦਿੱਤਾ ਗਿਆ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸ. ਜਤਿੰਦਰ ਸਿੰਘ ਸਚਦੇਵਾ ਨੂੰ ਪਾਵਨ ਸਰੂਪਾਂ ਦੀ ਛਪਾਈ ਤੁਰੰਤ ਬੰਦ ਕਰਨ ਅਤੇ ਹੁਣ ਤੱਕ ਛਾਪੇ ਗਏ ਸਾਰੇ ਪਾਵਨ ਸਰੂਪਾਂ ਦਾ ਮੁਕੰਮਲ ਰਿਕਾਰਡ ਲੈ ਕੇ 10 ਦਸੰਬਰ 2026 ਨੂੰ ਨਿੱਜੀ ਤੌਰ 'ਤੇ ਪੇਸ਼ ਹੋਣ ਦੇ ਨਿਰਦੇਸ਼ ਦਿੱਤੇ ਗਏ ਹਨ। ਇਸੇ ਮਾਮਲੇ ਨਾਲ ਸਬੰਧਤ ਇੱਕ ਹੋਰ ਆਦੇਸ਼ ਰਾਹੀਂ ਅਮਰੀਕਾ ਨਿਵਾਸੀ ਬਾਬਾ ਸੱਜਣ ਸਿੰਘ, ਗਿਆਨੀ ਭੁਪਿੰਦਰ ਸਿੰਘ, ਸ. ਜਤਿੰਦਰ ਸਿੰਘ, ਸ. ਹਰਬੰਸ ਸਿੰਘ, ਸ. ਹਰਚਰਨ ਸਿੰਘ ਅਤੇ ਸ. ਗੁਰਦੇਵ ਸਿੰਘ ਕੋਲੋਂ 15 ਦਿਨਾਂ ਦੇ ਅੰਦਰ ਲਿਖਤੀ ਸਪੱਸ਼ਟੀਕਰਨ ਮੰਗਿਆ ਗਿਆ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਪ੍ਰਾਪਤ ਹੋਈਆਂ ਸ਼ਿਕਾਇਤਾਂ ਅਨੁਸਾਰ ਇਨ੍ਹਾਂ ਵਿਅਕਤੀਆਂ ਵੱਲੋਂ ਸ. ਜਤਿੰਦਰ ਸਿੰਘ ਸਚਦੇਵਾ ਕੋਲ ਜਾ ਕੇ ਕਥਿਤ ਤੌਰ 'ਤੇ ਆਪਣੇ ਆਪ ਨੂੰ ਅਥਾਰਟੀ ਵਜੋਂ ਪੇਸ਼ ਕਰਦਿਆਂ ਉਨ੍ਹਾਂ ਵੱਲੋਂ ਕੀਤੀ ਜਾ ਰਹੀ ਪਾਵਨ ਸਰੂਪਾਂ ਦੀ ਛਪਾਈ ਦੀ ਸ਼ਲਾਘਾ ਕੀਤੀ ਗਈ ਸੀ। ਆਦੇਸ਼ ਵਿੱਚ ਕਿਹਾ ਗਿਆ ਹੈ ਕਿ ਇਨ੍ਹਾਂ ਵਿਅਕਤੀਆਂ ਨੂੰ ਪਤਾ ਸੀ ਕਿ ਪਾਵਨ ਸਰੂਪਾਂ ਦੀ ਛਪਾਈ ਦਾ ਅਧਿਕਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਹੈ। ਇਸ ਸਬੰਧੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਉਕਤ ਛੇ ਵਿਅਕਤੀਆਂ ਨੂੰ ਆਪਣਾ ਲਿਖਤੀ ਪੱਖ 15 ਦਿਨਾਂ ਦੇ ਅੰਦਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਭੇਜਣ ਲਈ ਕਿਹਾ ਗਿਆ ਹੈ। ਇਸ ਕਾਰਵਾਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੰਥਕ ਮਰਿਆਦਾ, ਹੁਕਮਨਾਮਿਆਂ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਛਪਾਈ ਨਾਲ ਜੁੜੇ ਅਧਿਕਾਰਾਂ ਦੀ ਪਾਲਣਾ ਯਕੀਨੀ ਬਣਾਉਣ ਦੇ ਸੰਦਰਭ ਵਿੱਚ ਅਹਿਮ ਮੰਨਿਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਇੱਕ ਨਜ਼ਰ ...



## ਪ੍ਰਤਾਪਪੁਰਾ ਵਿਖੇ ਸੈਣ ਸਮਾਜ ਵੈਲਫੇਅਰ ਚੈਰੀਟੇਬਲ ਟਰੱਸਟ ਦਾ ਸ਼ਲਾਘਾਯੋਗ ਉਪਰਾਲਾ

### ਮੁ਼ਫਤ ਵਿਆਹ ਸਹਾਇਤਾ ਕੈਂਪ ਵਿੱਚ 500 ਦੇ ਕਰੀਬ ਲੜਕੇ-ਲੜਕੀਆਂ ਦੇ ਬਾਇਓਡਾਟਾ ਫਾਰਮ ਭਰੇ

ਧੂਰੀ, 11 ਨਵੰਬਰ (ਰਣਜੀਤ ਸਿੰਘ ਪੇਧਨੀ)-ਪ੍ਰਤਾਪਪੁਰਾ ਵਿਖੇ ਧੰਨ ਧੰਨ ਬਾਬਾ ਸੈਣਿ ਭਗਤ ਜੀ ਦੇ ਪਵਿੱਤਰ ਅਸਥਾਨ ਪ੍ਰਤਾਪਪੁਰਾ ਵਿਖੇ ਸਾਲਾਨਾ ਜੋੜ ਮੇਲੇ ਅਤੇ ਟਿੱਕਾ ਭਾਈ ਦੂਜ ਦੇ ਪਵਿੱਤਰ ਸਮਾਗਮ ਮੌਕੇ ਸੈਣ ਸਮਾਜ ਵੈਲਫੇਅਰ ਚੈਰੀਟੇਬਲ ਟਰੱਸਟ (ਰਜਿ.) ਪੰਜਾਬ ਵੱਲੋਂ ਸਮਾਜ ਸੇਵਾ ਦੀ ਦਿਸ਼ਾ ਵਿੱਚ ਇੱਕ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ। ਟਰੱਸਟ ਵੱਲੋਂ ਬੱਚਿਆਂ ਦੇ ਵਿਆਹ ਸਬੰਧੀ ਆ ਰਹੀਆਂ ਸਮੱਸਿਆਵਾਂ ਦੇ ਹੱਲ ਅਤੇ ਯੋਗ ਰਿਸ਼ਤੇ ਲੱਭਣ ਵਿੱਚ ਪਰਿਵਾਰਾਂ ਦੀ ਮਦਦ ਲਈ ਵਿਸ਼ੇਸ਼ ਮੁਫ਼ਤ ਬਾਇਓਡਾਟਾ ਕੈਂਪ ਲਗਾਇਆ ਗਿਆ। ਇਸ ਕੈਂਪ ਦੀ ਸਭ ਤੋਂ ਵੱਡੀ ਪ੍ਰਾਪਤੀ ਇਹ ਰਹੀ ਕਿ ਪੰਜਾਬ ਦੇ ਵੱਖ-ਵੱਖ ਇਲਾਕਿਆਂ ਤੋਂ ਪਹੁੰਚੇ ਸੈਣ ਸਮਾਜ ਦੇ ਪਰਿਵਾਰਾਂ ਦੇ ਸਹਿਯੋਗ ਨਾਲ 500 ਦੇ ਕਰੀਬ ਲੜਕੇ-ਲੜਕੀਆਂ ਦੇ ਵਿਆਹ ਸਬੰਧੀ ਬਾਇਓਡਾਟਾ ਫਾਰਮ ਭਰੇ ਗਏ। ਇਸ ਉਪਰਾਲੇ ਨੂੰ ਸਮਾਜ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਅਤੇ ਵੱਡੀ ਗਿਣਤੀ ਵਿੱਚ ਪਰਿਵਾਰਾਂ ਨੇ ਕੈਂਪ ਵਿੱਚ ਪਹੁੰਚ ਕੇ ਰਜਿਸਟ੍ਰੇਸ਼ਨ ਕਰਵਾਈ। ਟਰੱਸਟ ਵੱਲੋਂ ਇਸ ਕੈਂਪ ਰਾਹੀਂ ਪਰਿਵਾਰਾਂ ਨੂੰ ਇੱਕ ਸਾਂਝਾ ਮੰਚ ਪ੍ਰਦਾਨ ਕੀਤਾ ਗਿਆ, ਜਿੱਥੇ ਉਹ ਆਪਣੇ ਬੱਚਿਆਂ ਦੇ ਵਿਆਹ ਸਬੰਧੀ ਜਾਣਕਾਰੀ ਸਾਂਝੀ ਕਰ ਸਕਣ ਅਤੇ ਯੋਗ ਰਿਸ਼ਤਿਆਂ ਦੀ ਭਾਲ ਵਿੱਚ ਆਪਸੀ ਸਹਿਯੋਗ ਪ੍ਰਾਪਤ ਕਰ ਸਕਣ। ਇਹ ਸੇਵਾ ਪੂਰੀ ਤਰ੍ਹਾਂ ਮੁਫ਼ਤ ਰੱਖੀ ਗਈ ਤਾਂ ਜੋ ਕਿਸੇ ਵੀ ਪਰਿਵਾਰ ਨੂੰ ਆਰਥਿਕ ਬੋਝ ਨਾ ਝੱਲਣਾ ਪਵੇ। ਕੈਂਪ ਦੀ ਸਫਲਤਾ ਵਿੱਚ ਸਹਿਯੋਗ ਦੇਣ ਵਾਲੀਆਂ ਸ਼ਖ਼ਸੀਅਤਾਂ ਦਾ ਵਿਸ਼ੇਸ਼ ਧੰਨਵਾਦ ਇਸ ਕੈਂਪ ਨੂੰ ਸਫਲ ਬਣਾਉਣ ਵਿੱਚ ਬੂਟਾ ਸਿੰਘ ਡਾਂਗੋ, ਨਿਰਮਲ ਸਿੰਘ ਸੈਣੀ ਲੁਧਿਆਣਾ ਅਤੇ ਜਤਿੰਦਰ ਸਿੰਘ ਜੀ ਰਾਏਕੋਟ ਨੇ ਵਿਸ਼ੇਸ਼ ਯੋਗਦਾਨ ਪਾਇਆ। ਇਸ ਤੋਂ ਇਲਾਵਾ ਐਡਮਿਨਿਸਟ੍ਰੇਸ਼ਨ ਪੰਜਾਬ ਦੀ ਸਮੁੱਚੀ ਟੀਮ ਦੇ ਮੈਂਬਰਾਂ ਨੇ ਵੀ ਆਪਣੀ ਮਿਹਨਤ, ਸਮਾਂ ਅਤੇ ਸੇਵਾ ਭਾਵਨਾ ਨਾਲ ਅਹਿਮ ਭੂਮਿਕਾ ਨਿਭਾਈ, ਜਿਨ੍ਹਾਂ ਵਿੱਚ: ਮੈਡਮ ਪੁਸ਼ਿਪੰਦਰ ਕੌਰ, ਮੋਹਾਲੀ ਐਡਵੋਕੇਟ ਗੁਰਪ੍ਰੀਤ ਸਿੰਘ, ਬਰਨਾਲਾ ਵਿਜੇ ਕੁਮਾਰ, ਖਰੜ ਅਮਰਿੰਦਰ ਸਿੰਘ, ਪਟਿਆਲਾ ਜਸਵਿੰਦਰ ਸਿੰਘ, ਮੋਗਾ ਗੁਰਦੀਪ ਸਿੰਘ ਟਰੱਸਟ ਵੱਲੋਂ ਇਨ੍ਹਾਂ ਸਾਰੀਆਂ ਸ਼ਖ਼ਸੀਅਤਾਂ ਅਤੇ ਸਮੂਹ ਸੇਵਾਦਾਰਾਂ ਦਾ ਦਿਲੋਂ ਧੰਨਵਾਦ ਕੀਤਾ ਗਿਆ। ਉਨ੍ਹਾਂ ਦੇ ਸਹਿਯੋਗ ਨੇ ਇਸ ਸਮਾਜ ਸੇਵਾ ਦੇ ਉਪਰਾਲੇ ਨੂੰ ਸਫਲ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਇਸ ਮੌਕੇ ਟਰੱਸਟ ਦੇ ਪੰਜਾਬ ਪ੍ਰਧਾਨ ਡਾਕਟਰ ਅਮਰੀਕ ਸਿੰਘ ਪੇਧਨੀ ਨੇ ਕਿਹਾ ਕਿ ਸੈਣ ਸਮਾਜ ਦੇ ਬੱਚਿਆਂ ਦੇ ਵਿਆਹ ਸਬੰਧੀ ਆ ਰਹੀਆਂ ਮੁਸ਼ਕਲਾਂ ਨੂੰ ਘੱਟ ਕਰਨ ਲਈ ਟਰੱਸਟ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ 500 ਦੇ ਕਰੀਬ ਬਾਇਓਡਾਟਾ ਫਾਰਮ ਭਰੇ ਜਾਣਾ ਸਮਾਜ ਦੇ ਭਰੋਸੇ, ਏਕਤਾ ਅਤੇ ਆਪਸੀ ਸਹਿਯੋਗ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਟਰੱਸਟ ਦਾ ਮਕਸਦ ਸਿਰਫ਼ ਬਾਇਓਡਾਟਾ ਇਕੱਠਾ ਕਰਨਾ ਹੀ ਨਹੀਂ, ਸਗੋਂ ਪਰਿਵਾਰਾਂ ਨੂੰ ਯੋਗ ਰਿਸ਼ਤੇ ਲੱਭਣ ਵਿੱਚ ਨਿਰੰਤਰ ਸਹਿਯੋਗ ਦੇਣਾ ਅਤੇ ਸਮਾਜ ਦੇ ਬੱਚਿਆਂ ਦੇ ਚੰਗੇ ਭਵਿੱਖ ਲਈ ਇੱਕ ਸਾਂਝਾ ਮੰਚ ਤਿਆਰ ਕਰਨਾ ਹੈ। ਅੰਤ ਵਿੱਚ ਉਨ੍ਹਾਂ ਸਮੂਹ ਸੈਣ ਸਮਾਜ ਦੇ ਪਰਿਵਾਰਾਂ, ਦਾਨੀ ਸੱਜਣਾਂ, ਸੇਵਾਦਾਰਾਂ, ਐਡਮਿਨ ਟੀਮ ਅਤੇ ਸਹਿਯੋਗੀਆਂ ਦਾ ਦਿਲੋਂ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਅਜਿਹੇ ਸਮਾਜ ਭਲਾਈ ਦੇ ਕਾਰਜ ਜਾਰੀ ਰੱਖਣ ਦਾ ਭਰੋਸਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਡਾਕਟਰੀ ਕਿੱਤੇ ਵਿੱਚ ਬੇਹਤਰੀਨ ਸੇਵਾਵਾਂ ਪ੍ਰਦਾਨ ਕਰਨ ਸਦਕਾ ਡਾਇਰੈਕਟਰ ਸੰਜੀਵ ਕੁਮਾਰ ਸ਼ਰਮਾ ਸਨਮਾਨਿਤ




ਚੌਂਕ ਮਹਿਤਾ 11 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਜ਼ਿਲ੍ਹੇ ਦੇ ਸਕੂਲ ਮੁੱਖੀਆਂ,ਸਮਾਜ ਸੇਵੀਆ,ਖੇਡ ਪ੍ਰੇਮੀਆਂ ਅਤੇ ਹੋਰ ਪ੍ਰਸਿੱਧ ਸਖ਼ਸ਼ੀਅਤਾਂ ਨੂੰ ਇਕ ਮੰਚ 'ਤੇ ਖੜ੍ਹੇ ਕਰ ਕੇ ਪਿੱਛਲੇ 25 ਸਾਲ ਤੋਂ "ਬੇਟੀ ਬਚਾਓ,ਬੇਟੀ ਪੜ੍ਹਾਓ" ਦੇ ਨਾਅਰੇ ਹੇਠ ਭਰੂਣ ਹੱਤਿਆ ਖ਼ਿਲਾਫ ਅਵਾਜ ਬੁਲੰਦ ਕਰਕੇ (ਇੰਡੀਆ ਬੁੱਕ ਵਿੱਚ ਆਪਣਾ ਨਾਂਅ ਦਰਜ਼ ਕਰਨ ਤੋਂ ਕਰਨ ਅਤੇ ਮਹਿਲਾਵਾਂ ਅਤੇ ਧੀਆਂ ਦੇ ਹੱਕ 'ਚ ਹਾਅ ਦਾ ਨਾਅਰਾ ਮਾਰਣ ਵਾਲੀ ਸਖ਼ਸੀਅਤ ਸਮਾਜ ਸੇਵਾ ਅਤੇ ਖੇਡਾਂ ਦੇ ਖੇਤਰ 'ਚ ਵਿਲੱਖਣ ਪਛਾਣ ਬਣਾ ਕੇ ਕੌਮੀ,ਰਾਜ ਅਤੇ ਜ਼ਿਲ੍ਹਾ ਪੱਧਰੀ ਐਵਾਰਡ ਪ੍ਰਾਪਤ ਕਰਨ ਵਾਲੀ ਪੰਜਾਬ ਦੀ ਨਾਮਵਰ ਖੇਡ ਸੰਸਥਾ "ਸਰਹੱਦ-ਏ-ਪੰਜਾਬ ਸਪੋਰਟਸ ਕਲੱਬ (ਰਜਿ) ਅੰਮ੍ਰਿਤਸਰ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ (ਇੰਡੀਆ ਬੁੱਕ ਰਿਕਾਰਡ ਹੋਲਡਰ) ਵੱਲੋਂ ਅੱਜ ਸਾਦੇ ਅਤੇ ਪ੍ਰਭਾਵਸ਼ਾਲੀ ਸਮਾਰੋਹ ਦੌਰਾਨ ਐਂਨਵਾਈਐਸ ਹੌਸਪੀਟਲ ਫਤਹਿਗੜ ਚੂੜੀਆਂ ਰੋਡ ਦੇ ਡਾਇਰੈਕਟਰ ਸ਼੍ਰੀ ਸੰਜੀਵ ਕੁਮਾਰ ਸ਼ਰਮਾ ਨੂੰ ਡਾਕਟਰੀ ਕਿੱਤੇ ਵਿੱਚ ਬੇਹਤਰੀਨ ਸੇਵਾਵਾਂ ਪ੍ਰਦਾਨ ਕਰਨ ਸਦਕਾ ਸਨਮਾਨਿਤ ਕੀਤਾ ਗਿਆ 9 ਇਸ ਮੌਕੇ ਉਹਨਾਂ ਦੇ ਬੇਟੇ ਮਾਂਇਨਕ ਸ਼ਰਮਾ ਅਤੇ ਸ਼੍ਰੀ ਸੰਜੀਵ ਕੁਮਾਰ ਸ਼ਰਮਾ ਨੇ ਸਾਂਝੇ ਤੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਅਤੇ ਸੋਸਾਇਟੀ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ 9 ਇਸ ਮੌਕੇ ਡਾਇਰੈਕਟਰ ਸ਼੍ਰੀ ਰਾਜੀਵ ਸ਼ਰਮਾ ਨੂੰ ਵਧਾਈ ਦੇਣ ਵਾਲਿਆਂ ਵਿੱਚ ਸਰਪ੍ਰਸਤ ਰਾਜੇਸ਼ ਸ਼ਰਮਾ (ਪੀਸੀਐਸ), ਚੇਅਰਮੈਨ ਹਰਦੇਸ਼ ਸ਼ਰਮਾ, ਵਾਇਸ ਚੇਅਰਮੈਨ ਮਖਤੂਲ ਸਿੰਘ ਔਲਖ,ਵਾਇਸ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ (ਯੂਕੇ),ਸੀ. ਮੀਤ ਪ੍ਰਧਾਨ ਨਿਰਵੈਰ ਸਿੰਘ ਸਰਕਾਰੀਆ, ਮੀਤ ਪ੍ਰਧਾਨ ਜੀਤ ਸਲੂਜਾ, ਐਡਵੋਕੇਟ ਅਜੈ ਕੁਮਾਰ ਵਰਮਾਨੀ,ਡਾ.ਮੰਗਲ ਸਿੰਘ ਕਿਸ਼ਨਪੁਰੀ, ਨਿਰਵੈਰ ਸਿੰਘ,ਪ੍ਰਿੰ. ਰਾਜੇਸ਼ ਪ੍ਰਭਾਕਰ, ਕੰਵਲਜੀਤ ਕੌਰ ਟੀਨਾ ਨਰਿੰਦਰ ਕੌਰ,ਕਰਮਜੀਤ ਕੌਰ ਜੱਸਲ ਅਤੇ ਮਨਿੰਦਰ ਸੰਧੂ ਦੇ ਨਾਂਅ ਸ਼ਾਮਿਲ ਹਨ।

## ਸਿਰਫ਼ 3.5% ਲੋਕ ਬਦਲ ਸਕਦੇ ਹਨ ਪੰਜਾਬ ਦੀ ਤਕਦੀਰ

## ਨਸ਼ਿਆਂ ਖਿਲਾਫ਼ ਜੰਗ, ਸ਼ਹੀਦ ਪਰਵਿੰਦਰ ਝੋਟੇ ਦੀ ਸ਼ਹਾਦਤ ਅਤੇ ਸਿਆਸਤ ਤੋਂ ਉੱਪਰ ਉੱਠਣ ਦੀ ਲੋੜ: ਇੰਜ ਮਨਜੀਤ ਸਿੰਘ ਸੈਣੀ



ਚੌਂਕ ਮਹਿਤਾ 11 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)- ਕੀ ਤੁਸੀਂ ਜਾਣਦੇ ਹੋ ਕਿ ਕਿਸੇ ਵੀ ਭ੍ਰਿਸ਼ਟ ਸਿਸਟਮ ਜਾਂ ਮਾਫ਼ੀਏ ਨੂੰ ਜੜ੍ਹੋਂ ਪੁੱਟਣ ਲਈ ਪੂਰੇ ਦੇਸ਼ ਜਾਂ ਸੂਬੇ ਦੇ 100% ਲੋਕਾਂ ਦੇ ਸੜਕਾਂ 'ਤੇ ਆਉਣ ਦੀ ਲੋੜ ਨਹੀਂ ਹੁੰਦੀ? ਹਾਰਵਰਡ ਯੂਨੀਵਰਸਿਟੀ ਦੀ ਮਸ਼ਹੂਰ ਖੋਜਕਰਤਾ ਐਰਿਕਾ ਚੇਨੋਵੇਥ ਦੀ ਵਿਸ਼ਵ-ਵਿਆਪੀ ਖੋਜ ਇਹ ਸਾਬਤ ਕਰਦੀ ਹੈ ਕਿ ਜੇਕਰ ਕੁੱਲ ਆਬਾਦੀ ਦਾ ਸਿਰਫ਼ 3.5% ਹਿੱਸਾ ਵੀ ਇੱਕਜੁੱਟ ਹੋ ਕੇ ਸ਼ਾਂਤਮਈ ਅਤੇ ਲਗਾਤਾਰ ਸੰਘਰਸ਼ ਵਿੱਚ ਡਟ ਜਾਵੇ, ਤਾਂ ਵੱਡੀ ਤੋਂ ਵੱਡੀ ਤਾਕਤ ਅਤੇ ਮਾਫ਼ੀਏ ਨੂੰ ਗੋਡੇ ਟੇਕਣੇ ਪੈਂਦੇ ਹਨ। ਪੰਜਾਬ ਵਿੱਚ ਮੈਡੀਕਲ ਅਤੇ ਸਿੰਥੈਟਿਕ ਨਸ਼ਿਆਂ (ਚਿੱਟੇ) ਖਿਲਾਫ਼ ਚੱਲ ਰਹੀ ਲੜਾਈ ਵਿੱਚ ਇਹ '3.5% ਦਾ ਨਿਯਮ' ਅੱਜ ਸਭ ਤੋਂ ਵੱਡੀ ਆਸ ਹੈ। ਮਾਨਸਾ ਦੇ ਨੌਜਵਾਨ ਪਰਵਿੰਦਰ ਸਿੰਘ ਝੋਟੇ ਨੇ ਇਸੇ ਸਿਰੜ ਨਾਲ ਜ਼ਮੀਨੀ ਲੜਾਈ ਵਿੱਢੀ ਸੀ, ਜੋ ਕਿ ਪੂਰੇ ਪੰਜਾਬ ਨੂੰ ਜਾਗਰੂਕ ਕਰਨ ਦਾ ਇੱਕ ਵੱਡਾ ਯਤਨ ਸੀ। ਪਰ ਨਸ਼ਾ ਮਾਫ਼ੀਏ ਵੱਲੋਂ ਕੀਤੇ ਗਏ ਉਸਦੇ ਕਤਲ ਨੇ ਪੰਜਾਬ ਦੇ ਲੋਕਾਂ ਨੂੰ ਅੰਦਰ ਤੱਕ ਝੰਜੋੜ ਦਿੱਤਾ ਹੈ। ਉਸਦੀ ਸ਼ਹਾਦਤ ਨੇ ਨਾ ਸਿਰਫ਼ ਆਮ ਜਨਤਾ ਬਲਕਿ ਸੁੱਤੇ ਪਏ ਸਿਸਟਮ ਨੂੰ ਵੀ ਚੌਕੰਨਾ ਕਰ ਦਿੱਤਾ ਹੈ ਕਿ ਹੁਣ ਪਾਣੀ ਸਿਰ ਤੋਂ ਲੰਘ ਚੁੱਕਾ ਹੈ। ਨਸ਼ਿਆਂ ਵਿਰੁੱਧ ਜੰਗ ਵਿੱਚ ਸੂਬਾ ਅਤੇ ਕੇਂਦਰ ਸਰਕਾਰਾਂ ਦੋਵਾਂ ਦੀ ਆਪੋ-ਆਪਣੀ ਜ਼ਿੰਮੇਵਾਰੀ ਹੈ। ਕੌਮਾਂਤਰੀ ਸਰਹੱਦਾਂ (ਬਾਰਡਰ) ਰਾਹੀਂ ਨਸ਼ੇ ਦੀ ਤਸਕਰੀ ਰੋਕਣਾ ਕੇਂਦਰ ਸਰਕਾਰ ਦਾ ਫ਼ਰਜ਼ ਹੈ, ਜਦਕਿ ਸੂਬੇ ਅੰਦਰ ਕਾਨੂੰਨ ਵਿਵਸਥਾ ਬਣਾਈ ਰੱਖਣਾ ਅਤੇ ਨਸ਼ੇ ਦੀ ਹੋਮ-ਡਿਲੀਵਰੀ ਨੂੰ ਸਖ਼ਤੀ ਨਾਲ ਰੋਕਣਾ ਪੰਜਾਬ ਸਰਕਾਰ ਦਾ ਕੰਮ ਹੈ। ਭਾਵੇਂ ਸਰਕਾਰਾਂ ਵੱਲੋਂ 'ਨਸ਼ਿਆਂ ਵਿਰੁੱਧ ਯੁੱਧ' ਦੇ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ, ਪਰ ਜ਼ਮੀਨੀ ਹਕੀਕਤ ਵਿੱਚ ਇਹ ਮੁਹਿੰਮਾਂ ਕਾਗਜ਼ੀ ਸਾਬਤ ਹੋ ਰਹੀਆਂ ਹਨ। ਤੁਹਾਡੀ ਜਾਣਕਾਰੀ ਲਈ ਦੱਸ ਦਈਏ ਕਿ ਸਿੰਥੈਟਿਕ ਨਸ਼ਿਆਂ ਦਾ ਕਾਰੋਬਾਰ ਅੱਜ ਸਿਰਫ਼ ਜਵਾਨੀ ਨਹੀਂ ਖਾ ਰਿਹਾ, ਬਲਕਿ ਇਹ ਸੂਬੇ ਅੰਦਰ ਇੱਕ 'ਸਮਾਨਾਂਤਰ ਅਰਥਵਿਵਸਥਾ' ਬਣ ਚੁੱਕਾ ਹੈ। ਜਿਵੇਂ ਹੀ ਕੋਈ ਨਵੀਂ ਸਰਕਾਰ ਸੱਤਾ ਵਿੱਚ ਆਉਂਦੀ ਹੈ, ਇਹ ਤਾਕਤਵਰ ਮਾਫ਼ੀਆ ਆਪਣੇ ਪੈਸੇ ਅਤੇ ਰਸੂਖ ਦੀ ਤਾਕਤ ਨਾਲ ਹੌਲੀ-ਹੌਲੀ ਸਿਆਸੀ ਅਤੇ ਪ੍ਰਸ਼ਾਸਨਿਕ ਢਾਂਚੇ ਉੱਤੇ ਆਪਣਾ ਦਬਦਬਾ ਕਾਇਮ ਕਰ ਲੈਂਦਾ ਹੈ, ਜਿਸ ਕਾਰਨ ਈਮਾਨਦਾਰ ਅਫ਼ਸਰ ਵੀ ਬੇਵੱਸ ਹੋ ਜਾਂਦੇ ਹਨ। ਇਸ ਪੂਰੇ ਵਰਤਾਰੇ ਵਿੱਚ ਇੱਕ ਵੱਡੀ ਤ੍ਰਾਸਦੀ ਇਹ ਵੀ ਹੈ ਕਿ ਜਦੋਂ ਆਮ ਲੋਕ ਸੇਵਾ ਭਾਵਨਾ ਨਾਲ ਅਜਿਹੀ ਕੋਈ ਲੋਕ-ਲਹਿਰ ਖੜ੍ਹੀ ਕਰਦੇ ਹਨ, ਤਾਂ ਰਾਜਨੀਤਿਕ ਲਾਲਸਾ ਵਾਲੇ ਲੋਕ ਇਨ੍ਹਾਂ ਇਕੱਠਾਂ ਦਾ ਆਪਣੇ ਸਿਆਸੀ ਮੁਫਾਦਾਂ ਲਈ ਫਾਇਦਾ ਚੁੱਕਣ ਦੀ ਹੋੜ ਵਿੱਚ ਲੱਗ ਜਾਂਦੇ ਹਨ। ਇਹ ਰਾਜਨੀਤੀਕਰਨ ਅੰਦੋਲਨ ਦੀ ਮੂਲ ਭਾਵਨਾ ਨੂੰ ਖਤਮ ਕਰ ਦਿੰਦਾ ਹੈ। ਨਸ਼ਾ ਕਿਸੇ ਇੱਕ ਪਾਰਟੀ ਜਾਂ ਧਰਮ ਦਾ ਨੁਕਸਾਨ ਨਹੀਂ ਕਰ ਰਿਹਾ, ਇਹ ਹਰ ਘਰ ਦੀ ਅੱਗ ਹੈ। ਇਸ ਲਈ ਜੇਕਰ ਇਸ ਮੁੱਦੇ ਨੂੰ ਸਿਆਸੀ ਅਖਾੜਾ ਬਣਾਉਣ ਦੀ ਬਜਾਏ, ਸੁਹਿਰਦਤਾ ਨਾਲ 'ਸਰਬ-ਪਾਰਟੀ' ਮੀਟਿੰਗਾਂ ਰਾਹੀਂ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇ, ਤਾਂ ਨਤੀਜੇ ਬਹੁਤ ਜਲਦੀ ਅਤੇ ਪ੍ਰਭਾਵਸ਼ਾਲੀ ਮਿਲ ਸਕਦੇ ਹਨ। ਜਦੋਂ ਸਾਰੀਆਂ ਧਿਰਾਂ ਮਿਲ ਕੇ ਇੱਕ ਸਾਂਝੇ ਏਜੰਡੇ ਤਹਿਤ ਪ੍ਰਸ਼ਾਸਨ 'ਤੇ ਦਬਾਅ ਪਾਉਣਗੀਆਂ, ਤਾਂ ਕਿਸੇ ਵੀ ਮਾਫ਼ੀਏ ਲਈ ਸਿਆਸੀ ਸ਼ਰਨ ਲੈਣੀ ਅਸੰਭਵ ਹੋ ਜਾਵੇਗੀ। ਪਰਵਿੰਦਰ ਸਿੰਘ ਝੋਟੇ ਦੀ ਕੁਰਬਾਨੀ ਅਜਾਈਂ ਨਹੀਂ ਜਾਵੇਗੀ। ਜੋ ਲੋਕ ਇਸ ਵੇਲੇ ਨਸ਼ਿਆਂ ਖਿਲਾਫ਼ ਲੜ ਰਹੇ ਹਨ, ਉਨ੍ਹਾਂ ਦਾ ਹੌਸਲਾ ਬੁਲੰਦ ਰਹਿਣਾ ਚਾਹੀਦਾ ਹੈ ਕਿਉਂਕਿ ਸਾਨੂੰ 80-100% ਲੋਕਾਂ ਦੇ ਸੜਕਾਂ 'ਤੇ ਆਉਣ ਦੀ ਉਡੀਕ ਨਹੀਂ ਕਰਨੀ। ਸਿਰਫ਼ 3.5% ਸੁਚੇਤ ਅਤੇ ਸਿਰੜੀ ਲੋਕਾਂ ਦਾ ਦਿਲੋਂ ਸ਼ਾਮਲ ਹੋਣਾ ਹੀ ਚੰਗੇ ਨਤੀਜੇ ਦੇਣੇ ਸ਼ੁਰੂ ਕਰ ਦੇਵੇਗਾ। ਪਰ ਇਸਦੀ ਸਭ ਤੋਂ ਵੱਡੀ ਨਸੀਹਤ ਅਤੇ ਸ਼ਰਤ ਇਹ ਹੈ ਕਿ ਇਸ ਪਵਿੱਤਰ ਸੰਘਰਸ਼ ਨੂੰ ਸੌੜੀ ਰਾਜਨੀਤੀ ਦੀ ਭੇਟ ਨਾ ਚੜ੍ਹਨ ਦਿੱਤਾ ਜਾਵੇ। ਲੋਕ-ਸ਼ਕਤੀ ਨੂੰ ਸਿਆਸੀ ਰੋਟੀਆਂ ਸੇਕਣ ਦਾ ਸਾਧਨ ਬਣਨ ਤੋਂ ਰੋਕਣਾ ਅਤੇ ਇੱਕਮੁੱਠ ਹੋ ਕੇ ਲੜਨਾ ਹੀ ਇਸ ਅੰਦੋਲਨ ਦੀ ਕਾਮਯਾਬੀ ਦਾ ਅਸਲੀ ਰਾਹ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਮਾਤਾ ਜੋਗਿੰਦਰ ਕੌਰ ਸਰਾਂ ਦੇ ਨਮਿੱਤ ਪਾਏ ਗਏ ਭੋਗ ਅਤੇ ਹੋਇਆ ਸ਼ਰਧਾਂਜਲੀ ਸਮਾਗਮ







ਚੌਂਕ ਮਹਿਤਾ,11 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਅਤੇ ਐਸੀ ਵਿੰਗ ਸੈਲ ਪੰਜਾਬ ਦੇ ਜਨਰਲ ਸਕੱਤਰ ਬਲਜੀਤ ਸਿੰਘ ਸਰਾਂ ਦੇ ਸਤਿਕਾਰਯੋਗ ਮਾਤਾ ਜੋਗਿੰਦਰ ਕੌਰ ਧਰਮ ਪਤਨੀ ਸ ਸਿੰਗਾਰਾ ਸਿੰਘ ਪਿੱਛਲੇ ਦਿਨੀ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਹੁਣ ਮਾਤਾ ਦੇ ਨਮਿੱਤ ਆਰੰਭ ਕੀਤੇ ਗਏ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪਾਏ ਗਏ ਉਪਰੰਤ ਖੁੱਲ੍ਹੇ ਪੰਡਾਲ ਵਿੱਚ ਭਾਈ ਗੁਰਪ੍ਰੀਤ ਸਿੰਘ ਹੈਂਡ ਪ੍ਰਚਾਰਕ ਪਵਿੱਤਰ ਪਾਵਨ ਅਸਥਾਨ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਨੇ ਕਥਾ ਵਿਚਾਰਾਂ ਦੀ ਸਾਂਝ ਪਾਈ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਾਲੇ,ਕੀਰਤਨੀਏ ਸਿਘਾਂ ਬੈਰਾਗਮਈ ਕੀਰਤਨ ਸੰਗਤਾਂ ਨੂੰ ਸ਼ਰਵਨ ਕਰਵਾਇਆ ਗਿਆ। ਉਪਰੰਤ ਆਏਂ ਹੋਏ ਰਾਜਨੀਤਿਕ ਲੀਡਰ, ਸਮਾਜ ਸੇਵੀ, ਧਾਰਮਿਕ ਸੰਸਥਾਵਾਂ ਨੇ ਮਾਤਾ ਜੋਗਿੰਦਰ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਵਿਸ਼ੇਸ਼ ਤੌਰ ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਚੇਅਰਮੈਨ ਬਲਬੀਰ ਸਿੰਘ ਬੋਪਾਰਾਏ, ਚੇਅਰਮੈਨ ਸਿੰਕਦਰ ਸਿੰਘ ਖਿਦੋਵਾਲੀ,ਬਬਰ ਮੱਤੇਵਾਲ, ਸਮਾਜ ਸੇਵੀ ਪ੍ਰਿੰਸੀਪਲ ਬਚਿੱਤਰ ਸਿੰਘ, ਬਲਜੀਤ ਸਿੰਘ ਚਾਹਲ ਉਦੋਂ ਨੰਗਲ ਜਨਰਲ ਸੈਕਟਰੀ ਪੰਜਾਬ, ਜਰਮਨ ਸਿੰਘ ਉਦੋ ਨੰਗਲ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਪਰਮਜੀਤ ਸਿੰਘ ਬਾਠ ਮੱਤੇਵਾਲ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਸੁਲੱਖਣ ਸਿੰਘ ਬੱਬਰ ਮੱਤੇਵਾਲ, ਅਤਰ ਸਿੰਘ ਤਰਸਿੱਕਾ ਪੱਤਰਕਾਰ ਪੰਜਾਬੀ ਅਜੀਤ ਅਖਬਾਰ, ਗੁਰਬੀਰ ਸਿੰਘ ਮੱਲੀ ਮੈਂਬਰ ਬਲਾਕ ਸੰਮਤੀ, ਸਰਪੰਚ ਬਲਰਾਜ ਸਿੰਘ ਸਰਾਂ, ਸਰਪੰਚ ਹਰਪਾਲ ਸਿੰਘ ਮੱਤੇਵਾਲ, ਸਰਪੰਚ ਮੇਜਰ ਸਿੰਘ ਬੁਲਾਰਾ, ਬਲਕਾਰ ਸਿੰਘ ਤਰਸਿੱਕਾ, ਸਕੱਤਰ ਸਿੰਘ, ਬਲਜਿੰਦਰ ਸਿੰਘ ਸੰਧੂ, ਦਵਿੰਦਰ ਸਿੰਘ ਮੱਲ੍ਹੀ, ਰਾਜ ਕੁਮਾਰ ਪੰਚਾਇਤ ਸਕੱਤਰ, ਸਰਪੰਚ ਲਾਲੀ ਕਲੇਰ ਬਾਲਾ, ਆਦਿ ਆਗੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਜੀ.ਕੇ.ਯੂ. ਦੇ ਪ੍ਰਬੰਧਕੀ ਨਿਰਦੇਸ਼ਕ ਸੁਖਰਾਜ ਸਿੰਘ ਸਿੱਧੂ ਅਤੇ ਉਪ-ਕੁਲਪਤੀ ਡਾ. ਬਲਰਾਜ ਸਿੰਘ ਵੱਲੋਂ ਡਾ. ਕੰਵਲਜੀਤ ਕੌਰ ਦੀ ਨਵਪ੍ਰਕਾਸ਼ਤ ਕਿਤਾਬ ਜਾਰੀ



ਤਲਵੰਡੀ ਸਾਬੋ, 11 ਨਵੰਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਅਕਾਦਮਿਕ ਬਲਾਕ ਵਿੱਚ ਆਯੋਜਿਤ ਇੱਕ ਸਾਦੇ ਅਤੇ ਪ੍ਰਭਾਵਸ਼ਾਲੀ ਸਮਾਰੋਹ ਵਿੱਚ ਵਰਸਿਟੀ ਦੇ ਪ੍ਰਬੰਧਕੀ ਨਿਰਦੇਸ਼ਕ ਸੁਖਰਾਜ ਸਿੰਘ ਸਿੱਧੂ, ਉਪ-ਕੁਲਪਤੀ, ਡਾ. ਬਲਰਾਜ ਸਿੰਘ ਅਤੇ ਪਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਵੱਲੋਂ ਵਰਸਿਟੀ ਦੇ ਨਿਰਦੇਸ਼ਕ ਯੁਵਾ ਤੇ ਸੱਭਿਆਚਾਰਕ ਮਾਮਲਿਆਂ ਡਾ. ਕੰਵਲਜੀਤ ਕੌਰ ਅਤੇ ਬੰਗਲਾਦੇਸ਼ ਤੋਂ ਉਹਨਾਂ ਦੇ ਵਿਦਿਆਰਥੀ ਨਜ਼ਮੁੱਲ ਕਾਦਿਰ ਕਾਇਕੈਬਾਦ ਵੱਲੋਂ ਲਿਖੀ ਕਿਤਾਬ "ਖੋਜ ਡਿਜ਼ਾਈਨ ਅਤੇ ਅਕਾਦਮਿਕ ਖੋਜਾਂ ਦੇ ਨਿਯਮ" ਜਾਰੀ ਕੀਤੀ ਗਈ। ਲੇਖਕਾਂ ਨੂੰ ਪ੍ਰਬੰਧਕੀ ਨਿਰਦੇਸ਼ਕ ਸ. ਸਿੱਧੂ ਅਤ ਹੋਰਨਾਂ ਵੱਲੋਂ ਵਧਾਈ ਦਿੰਦਿਆਂ ਇਸ ਕਿਤਾਬ ਨੂੰ ਵਿਗਿਆਨਿਕ ਖੋਜ ਲਈ ਇੱਕ ਜ਼ਰੂਰੀ ਦਸਤਾਵੇਜ਼ ਦੱਸਿਆ ਗਿਆ, ਜੋ ਕਿ ਉਹਨਾਂ ਦੇ ਵਿਸ਼ੇ ਦੇ ਖੋਜਾਰਥੀਆਂ ਲਈ ਲਾਹੇਵੰਦ ਸਾਬਿਤ ਹੋਵੇਗੀ। ਵਾਈਸ ਚਾਂਸਲਰ ਡਾ. ਸਿੰਘ ਨੇ ਕਿਹਾ ਕਿ ਇਹ ਕਿਤਾਬ ਯੂਨੀਵਰਸਿਟੀ ਦੇ ਸਮਰੱਥ ਵਿਦਿਆਰਥੀ ਲੇਖਕਾਂ ਦੇ ਲਾਭ ਲਈ ਵਧੀਆ ਕਿਤਾਬਾਂ ਲਿਖਣ ਲਈ ਪ੍ਰੇਰਿਦੀ ਹੈ, ਜੋ ਉਸ ਲੜੀ ਦਾ ਹਿੱਸਾ ਹੈ। ਉਹਨਾਂ ਦੋਹਾਂ ਲੇਖਕਾਂ ਨੂੰ ਇਸ ਅਕਾਦਮਿਕ ਕਾਰਜ ਲਈ ਵਧਾਈ ਦਿੱਤੀ। ਪਰੋ. ਵਾਈਸ ਚਾਂਸਲਰ ਡਾ. ਧੀਮਾਨ ਵੱਲੋਂ ਇਸ ਗੱਲ ਦੀ ਸ਼ਲਾਘਾ ਕੀਤੀ ਗਈ ਕਿ ਇਹ ਕਿਤਾਬ ਦੋ ਦੇਸ਼ਾਂ ਦੇ ਲੇਖਕਾਂ ਵੱਲੋਂ ਸਾਂਝੇ ਤੌਰ ਤੇ ਲਿਖੀ ਗਈ ਹੈ। ਉਹਨਾਂ ਕਿਹਾ ਕਿ ਕਿਸੇ ਵੀ ਵਿਸ਼ੇ ਤੇ ਵਿਗਿਆਨਿਕ ਖੋਜ ਨੂੰ ਸੁਚਾਰੂ ਸੇਧ ਦੇਣ ਲਈ ਖੋਜ ਤਜ਼ਰਬਿਆਂ ਦੀ ਵਿਉਂਤਬੰਦੀ ਅਤੇ ਆਕੰੜਿਆਂ ਦੀ ਸਹੀ ਪੜਚੋਲ ਹਮੇਸ਼ਾ ਹੀ ਜ਼ਰੂਰੀ ਹੁੰਦੀ ਹੈ। ਕਿਤਾਬ ਬਾਰੇ ਜਾਣਕਾਰੀ ਦਿੰਦਿਆਂ ਡਾ. ਕੰਵਲਜੀਤ ਕੌਰ ਕਿਹਾ ਕਿ ਨੇ ਸੂਖਮ ਕਲਾਵਾਂ ਵਰਗੇ ਵਿਸ਼ੇ ਤੇ ਵਿਗਿਆਨਿਕ ਖੋਜ ਕਰਨ ਲਈ ਅਜਿਹੀ ਕਿਤਾਬ ਦੀ ਲੋੜ ਸੀ, ਜਿਸ ਨੂੰ ਉਹਨਾਂ ਨੇ ਬੰਗਲਾਦੇਸ਼ ਦੇ ਆਪਣੇ ਵਿਦਿਆਰਥੀ ਨਾਲ ਮਿਲ ਕੇ ਪੂਰਾ ਕੀਤਾ ਹੈ।

ਆਵਾਜ਼ਿ ਕੌਮ AWAZE QAUM

# ਇੱਕ ਨਜ਼ਰ ...





## ਮਾਂਟਰੀਅਲ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਮਿਲਿਆ ਭਰਵਾਂ ਹੁੰਗਾਰਾ; ਸੀਨੀਅਰ ਆਗੂਆਂ ਸਮੇਤ ਵੱਡੀ ਗਿਣਤੀ ਵਿੱਚ ਨੌਜਵਾਨ ਪਾਰਟੀ ਵਿੱਚ ਸ਼ਾਮਲ

### ਨਸ਼ਾ ਮੁਕਤ ਪੰਜਾਬ, ਬੰਦੀ ਸਿੰਘਾਂ ਦੀ ਰਿਹਾਈ, ਪੰਜਾਬ ਦੇ ਪਾਣੀਆਂ ਅਤੇ ਕਿਸਾਨੀ ਹੱਕਾਂ ਦੀ ਰਾਖੀ ਲਈ ਸੰਘਰਸ਼ ਜਾਰੀ ਰੱਖਣ ਦਾ ਅਹਿਦ

ਨਵੀਂ ਦਿੱਲੀ 11 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਅਕਾਲੀ ਦਲ ਵਾਰਿਸ ਪੰਜਾਬ ਦੇ-ਕੈਨੇਡਾ ਈਸਟ ਵੱਲੋਂ 8 ਨਵੰਬਰ ਨੂੰ ਗੁਰਦੁਆਰਾ ਸਾਹਿਬ ਗ੍ਰੇਟਰ ਮਾਂਟਰੀਅਲ, ਡੀ.ਡੀ.ਓ. ਵਿਖੇ ਕਰਵਾਏ ਗਏ ਸਮਾਗਮ ਨੂੰ ਸੰਗਤ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਇਸ ਮੌਕੇ ਮਾਂਟਰੀਅਲ ਦੀ ਸੀਨੀਅਰ ਤੇ ਨੌਜਵਾਨ ਲੀਡਰਸ਼ਿਪ ਸਮੇਤ ਵੱਡੀ ਗਿਣਤੀ ਵਿੱਚ ਕਮਿਊਨਿਟੀ ਮੈਂਬਰਾਂ ਨੇ ਪਾਰਟੀ ਵਿੱਚ ਸ਼ਮੂਲੀਅਤ ਕਰਕੇ ਇਸ ਨੂੰ ਨਵੀਂ ਮਜ਼ਬੂਤੀ ਦਿੱਤੀ। ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪ੍ਰਮੁੱਖ ਆਗੂਆਂ ਵਿੱਚ ਸ. ਨਰਿੰਦਰ ਸਿੰਘ ਮਿਨਹਾਸ, ਸ. ਬਲਰਾਜ ਸਿੰਘ ਕੈਰੋਂ, ਸ.ਸਰਬਜੀਤ ਸਿੰਘ ਮਿਨਹਾਸ, ਸ.ਪਰਗਟ ਸਿੰਘ ਭੰਡਾਲ, ਸ. ਗੁਰਦੀਪ ਸਿੰਘ ਜੰਡੂ, ਸ. ਸਤਨਾਮ ਸਿੰਘ ਭਮਰਾ, ਸ. ਧਨਵੀਰ ਸਿੰਘ, ਸ. ਜੋਬਨਜੀਤ ਸਿੰਘ, ਸ. ਗੁਰਜੀਤ ਸਿੰਘ, ਸ. ਸੀਤਲ ਸਿੰਘ ਸ਼ਾਹਕੋਟ, ਸ. ਜਸਪ੍ਰੀਤ ਸਿੰਘ ਸੰਧੂ, ਸ. ਭੁਪਿੰਦਰ ਸਿੰਘ ਜੰਡੂ, ਸ. ਸੁਰਿੰਦਰ ਸਿੰਘ ਸਰੋਆ ਅਤੇ ਜਨਪਾਲ ਸਿੰਘ ਦੇ ਨਾਮ ਸ਼ਾਮਲ ਹਨ। ਇਸ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਨੌਜਵਾਨਾਂ ਅਤੇ ਸੰਗਤ ਮੈਂਬਰਾਂ ਨੇ ਪਾਰਟੀ ਦੀ ਮੈਂਬਰਸ਼ਿਪ ਲੈ ਕੇ ਪੰਜਾਬ, ਪੰਥ ਅਤੇ ਕੌਮ ਦੀ ਸੇਵਾ ਲਈ ਆਪਣੀ ਵਚਨਬੱਧਤਾ ਪ੍ਰਗਟਾਈ। ਪਾਰਟੀ ਦੇ ਕੈਨੇਡਾ ਈਸਟ ਦੇ ਪ੍ਰਧਾਨ ਸ. ਪਰਮਿੰਦਰ ਸਿੰਘ ਪਾਂਗਲੀ ਨੇ ਇਸ ਭਰਵੇਂ ਹੁੰਗਾਰੇ ਲਈ ਸਮੂਹ ਸਾਧ ਸੰਗਤ, ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੇਵਾਦਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਨਵੇਂ ਆਗੂਆਂ ਅਤੇ ਨੌਜਵਾਨਾਂ ਦੀ ਸ਼ਮੂਲੀਅਤ ਨਾਲ ਮਾਂਟਰੀਅਲ ਵਿੱਚ ਪਾਰਟੀ ਦਾ ਆਧਾਰ ਹੋਰ ਮਜ਼ਬੂਤ ਹੋਇਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ, ਨਸ਼ਾ ਮੁਕਤ ਪੰਜਾਬ ਦੀ ਸਿਰਜਣਾ, ਬੰਦੀ ਸਿੰਘਾਂ ਦੀ ਰਿਹਾਈ, ਪੰਜਾਬ ਦੇ ਪਾਣੀਆਂ ਦੀ ਰਾਖੀ, ਕਿਸਾਨੀ ਹੱਕਾਂ ਦੀ ਸੁਰੱਖਿਆ ਅਤੇ ਪੰਜਾਬ ਦੀ ਵਿਲੱਖਣ ਹੋਂਦ ਤੇ ਪਛਾਣ ਨੂੰ ਬਚਾਉਣ ਲਈ ਦ੍ਰਿੜਤਾ ਨਾਲ ਖੜ੍ਹੀ ਰਹੇਗੀ। ਉਨ੍ਹਾਂ ਨਵੇਂ ਸ਼ਾਮਲ ਹੋਏ ਸਾਰੇ ਆਗੂਆਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਦੇਣ ਦਾ ਭਰੋਸਾ ਵੀ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਸਤਿਗੁਰੂ ਪਬਲਿਕ ਸਕੂਲ, ਕਲਾਲਵਾਲਾ ਦੀ ਵਿਦਿਆਰਥਣ ਨੇ ਕਰਾਟੇ ਮੁਕਾਬਲੇ ਵਿੱਚ ਜਿੱਤਿਆ ਸੋਨ ਤਮਗਾ



ਤਲਵੰਡੀ ਸਾਬੋ, 11 ਨਵੰਬਰ (ਗੁਰਜੰਟ ਸਿੰਘ ਨਥੇਹਾ)- ਸਤਿਗੁਰੂ ਪਬਲਿਕ ਸਕੂਲ, ਕਲਾਲਵਾਲਾ ਲਈ ਇਹ ਬੜੇ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਸਕੂਲ ਦੀ ਤੀਜੀ ਜਮਾਤ ਦੀ ਹੋਣਹਾਰ ਵਿਦਿਆਰਥਣ ਚਰਨਜੀਤ ਕੌਰ ਪੁੱਤਰੀ ਸ. ਬੂਟਾ ਸਿੰਘ ਨੋਖਵਾਲ, ਵਾਸੀ ਪਿੰਡ ਮਿਰਜ਼ੇਆਣਾ ਨੇ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਕਰਵਾਏ ਗਏ ਕਰਾਟੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਮਗਾ ਜਿੱਤ ਕੇ ਆਪਣੇ ਮਾਪਿਆਂ, ਪਿੰਡ ਮਿਰਜ਼ੇਆਣਾ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਵਿਦਿਆਰਥਣ ਦੀ ਇਸ ਸ਼ਾਨਦਾਰ ਪ੍ਰਾਪਤੀ ਨਾਲ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਪਾਇਆ ਜਾ ਰਿਹਾ ਹੈ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਮਧੂ ਬਾਂਸਲ ਨੇ ਵਿਦਿਆਰਥਣ ਨੂੰ ਵਧਾਈ ਦਿੰਦਿਆਂ ਕਿਹਾ ਕਿ ਚਰਨਜੀਤ ਕੌਰ ਨੇ ਆਪਣੀ ਮਿਹਨਤ, ਲਗਨ ਅਤੇ ਖੇਡਾਂ ਪ੍ਰਤੀ ਸਮਰਪਣ ਸਦਕਾ ਇਹ ਮਾਣਮੱਤੀ ਪ੍ਰਾਪਤੀ ਹਾਸਲ ਕੀਤੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣਦੀਆਂ ਹਨ। ਉਨ੍ਹਾਂ ਵਿਦਿਆਰਥਣ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਅਤੇ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਅਤੇ ਸਮੂਹ ਸਟਾਫ਼ ਵੱਲੋਂ ਚਰਨਜੀਤ ਕੌਰ ਅਤੇ ਉਸ ਦੇ ਪਰਿਵਾਰ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਦਿਲੋਂ ਮੁਬਾਰਕਬਾਦ ਦਿੱਤੀ ਗਈ ਅਤੇ ਵਿਦਿਆਰਥਣ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

## ਜੰਡਿਆਲਾ ਗੁਰੂ ਹਲਕੇ ਦੇ, ਹਰ ਪਿੰਡ ਅਤੇ ਹਰ ਪਰਿਵਾਰ ਦਾ ਸਾਂਝਾ ਘਰ ਹੋਵੇਗਾ ਦਫਤਰ ਡੈਨੀ ਬੰਡਾਲਾ

## ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਦਫਤਰ ਦਾ ਕੀਤਾ ਉਦਘਾਟਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ





ਜੰਡਿਆਲਾ ਗੁਰੂ 11 ਨਵੰਬਰ ( ਕੁਲਵੰਤ ਸਿੰਘ ਵਿਰਦੀ ) - ਅੱਜ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਸਾਬਕਾ ਵਿਧਾਇਕ ਹਲਕਾ ਜੰਡਿਆਲਾ ਗੁਰੂ ਵੱਲੋਂ ਆਪਣੇ ਹਲਕੇ ਦੇ ਵਰਕਰਾਂ ਲਈ ਇੱਕ ਦਫਤਰ ਜੀਟੀ ਰੋਡ ਮੱਲੀਆਂ ਨਹਿਰ ਨੇੜੇ ਪੈਟਰੋਲ ਪੰਪ ਦੇ ਕੋਲ ਖੋਲਿਆ ਗਿਆ । ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਤੇ ਭੋਗ ਪਾਏ ਗਏ ,ਉਪਰੰਤ ਆਏ ਹੋਏ ਕੀਰਤਨੀ ਜਥਿਆਂ ਵੱਲੋਂ ਗੁਰਬਾਣੀ ਦੇ ਕੀਰਤਨ ਗਾਏ ਗਏ । ਅਰਦਾਸ ਉਪਰੰਤ ਸਮਾਪਤੀ ਤੇ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਵੱਲੋਂ ਆਪਣੀ ਪਤਨੀ ਸ੍ਰੀਮਤੀ ਅੰਜਲੀ ਪੰਡਾਲਾ ਅਤੇ ਪੁੱਤਰੀਆਂ ਸਮੇਤ ਦਫਤਰ ਦਾ ਉਦਘਾਟਨ ਕੀਤਾ ਗਿਆ ਅਤੇ ਮਠਿਆਈ ਵੰਡੀ ਗਈ । ਆਈ ਹੋਈ ਸੰਗਤ ਲਈ ਚਾਹ ਪਾਣੀ ਦਾ ਪ੍ਰਬੰਧ ਕੀਤਾ ਗਿਆ ਸੀ । ਇਸ ਮੌਕੇ ਸੈਂਕੜਿਆਂ ਦੀ ਗਿਣਤੀ ਵਿੱਚ ਇਲਾਕੇ ਦੇ ਮੌਜੂਦਾ ਅਤੇ ਸਾਬਕਾ ਪੰਚ ਸਰਪੰਚ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਆਗੂ ਪਹੁੰਚੇ ਹੋਏ ਸਨ ਇੱਥੇ ਇਹ ਦੱਸਣਯੋਗ ਹੈ ਕਿ ਇਸ ਸਮਾਗਮ ਵਿੱਚ ਸ਼ਹਿਰ ਦੇ ਅਕਾਲੀ ਆਗੂ ਅਤੇ ਵਰਕਰ ਵੀ ਦੇਖੇ ਗਏ । ਇਸ ਮੌਕੇ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਸਮੂਹ ਸੰਗਤ ਦਾ ਧੰਨਵਾਦ ਕਰਦੇ ਹੋਏ ਕਿਹਾ ਮੈਂ ਸਮੂਹ ਸੰਗਤ, ਸੀਨੀਅਰ ਆਗੂ ਸਾਹਿਬਾਨ, ਵਰਕਰ ਸਾਹਿਬਾਨ ਅਤੇ ਪੱਤਰਕਾਰ ਭਾਈਚਾਰੇ ਦਾ ਦਿਲੋਂ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਇਸ ਮੌਕੇ 'ਤੇ ਪਹੁੰਚ ਕੇ ਸਾਨੂੰ ਹੌਸਲਾ ਅਤੇ ਆਸ਼ੀਰਵਾਦ ਦਿੱਤਾ। ਉਹਨਾਂ ਕਿਹਾ ਇਹ ਦਫ਼ਤਰ ਸਿਰਫ਼ ਇੱਕ ਇਮਾਰਤ ਨਹੀਂ ਹੈ, ਇਹ ਜੰਡਿਆਲਾ ਗੁਰੂ ਹਲਕੇ ਦੇ ਹਰ ਕਾਂਗਰਸੀ ਵਰਕਰ, ਹਰ ਪਿੰਡ ਅਤੇ ਹਰ ਪਰਿਵਾਰ ਦਾ ਸਾਂਝਾ ਘਰ ਹੋਵੇਗਾ। ਇੱਥੇ ਹਰ ਵਰਕਰ ਦੀ ਗੱਲ ਸੁਣੀ ਜਾਵੇਗੀ, ਹਰ ਵਰਕਰ ਨੂੰ ਪੂਰਾ ਮਾਣ-ਸਤਿਕਾਰ ਮਿਲੇਗਾ। ਕਿਉਂਕਿ ਕਾਂਗਰਸ ਪਾਰਟੀ ਵਰਕਰਾਂ ਕਰਕੇ ਹੈ ਅਤੇ ਵਰਕਰ ਹੀ ਸਾਡੀ ਅਸਲ ਤਾਕਤ ਹਨ ਆਉਣ ਵਾਲੀਆਂ ਚੋਣਾਂ ਨੂੰ ਲੈ ਕੇ ਅਸੀਂ ਪੂਰੀ ਤਰ੍ਹਾਂ ਤਿਆਰ ਹਾਂ। ਸਾਡੇ ਵਰਕਰ ਬੂਥ ਪੱਧਰ ਤੱਕ ਮਜ਼ਬੂਤ ਹਨ ।ਉਹਨਾਂ ਕਿਹਾ ਕਿ ਸ਼ਹਿਰ ਵਿੱਚ ਲਗਾਤਾਰ ਹੋ ਰਹੇ ਕਤਲੇਆਮ, ਗੁੰਡਾਗਰਦੀ, ਫਰੋਤੀਆਂ, ਲੁੱਟਾਂ ਖੋਹਾਂ ,ਚੋਰੀਆਂ, ਡਕੈਤੀਆਂ ਦੇ ਕਾਰਨ ਲੋਕ ਅੱਜ ਮੌਜੂਦਾ ਸਰਕਾਰ ਤੋਂ ਤੰਗ ਆ ਚੁੱਕੇ ਹਨ ਅਤੇ ਕਾਂਗਰਸ ਵੱਲ ਉਮੀਦ ਭਰੀਆਂ ਨਜ਼ਰਾਂ ਨਾਲ ਦੇਖ ਰਹੇ ਹਨ । ਸਾਡਾ ਮਕਸਦ ਸਿਰਫ਼ ਚੋਣ ਜਿੱਤਣਾ ਨਹੀਂ, ਸਗੋਂ ਜੰਡਿਆਲਾ ਗੁਰੂ ਹਲਕੇ ਦਾ ਸਰਬਪੱਖੀ ਵਿਕਾਸ ਕਰਨਾ ਹੈ। ਨੌਜਵਾਨਾਂ ਨੂੰ ਰੁਜ਼ਗਾਰ, ਕਿਸਾਨਾਂ ਨੂੰ ਹੱਕ, ਵਪਾਰੀਆਂ ਨੂੰ ਸੁਰੱਖਿਆ ਅਤੇ ਹਰ ਵਰਗ ਨੂੰ ਇਨਸਾਫ਼ ਦਿਵਾਉਣਾ ਹੀ ਕਾਂਗਰਸ ਦੀ ਅਸਲ ਸੋਚ ਹੈ। ਉਹਨਾਂ ਕਿਹਾ ਮੈਂ ਵਿਸ਼ਵਾਸ ਦਿਵਾਉਂਦਾ ਹਾਂ ਕਿ ਇਹ ਦਫ਼ਤਰ ਦਿਨ-ਰਾਤ ਲੋਕਾਂ ਦੀ ਸੇਵਾ ਲਈ ਖੁੱਲ੍ਹਾ ਰਹੇਗਾ। ਕਿਸੇ ਵੀ ਵਰਕਰ ਜਾਂ ਆਮ ਲੋਕ ਨੂੰ ਕੋਈ ਸਮੱਸਿਆ ਹੋਵੇ, ਉਹ ਇੱਥੇ ਆ ਕੇ ਆਪਣੀ ਗੱਲ ਰੱਖ ਸਕਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਤਿੰਦਰ ਸਿੰਘ ਨਾਟੀ ਸ਼ਹਿਰੀ ਪ੍ਰਧਾਨ , ਪ੍ਰਤਾਪ ਸਿੰਘ ਮਲਹੋਤਰਾ ਕੌਂਸਲਰ, ਰਣਧੀਰ ਸਿੰਘ ਮਲਹੋਤਰਾ ਸਾਬਕਾ ਮੀਤ ਪ੍ਰਧਾਨ, ਅਵਤਾਰ ਸਿੰਘ ਟੱਕਰ, ਕਸ਼ਮੀਰ ਸਿੰਘ ਜਾਣੀਆ, ਚਰਨਜੀਤ ਸਿੰਘ ਟੀਟੋ , ਮਨਜਿੰਦਰ ਸਿੰਘ ਸਿਰਜਾ, ਗੁਰਲਾਲ ਸਿੰਘ ਮੱਖਣਵਿੰਡੀ, ਸੋਨੂ ਬਰਾੜ , ਨਿਰਮਲ ਸਿੰਘ ਨਿਮਾ, ਸੋਨੂ ਵਿਰਕ, ਨਿਰਮਲ ਸਿੰਘ ਲਹੌਰੀਆ , ਰਾਜਦੀਪ ਸੈਣੀ, ਕ੍ਰਿਸ਼ਨਾ ਅਰੋੜਾ, ਮਣੀ ਚੋਪੜਾ ਸਾਬਕਾ ਕੌਂਸਲਰ, ਲਖਵਿੰਦਰ ਸਿੰਘ ਬੰਡਾਲਾ, ਗੋਪੀ ਪੀਏ, ਜਸਵਿੰਦਰ ਸਿੰਘ ਜੰਡ, ਰਾਣਾ ਜੰਡ, ਮਨਜੀਤ ਸਿੰਘ ਪੱਪੀ, ਹਰਦੇਵ ਸਿੰਘ ਸਾਬਕਾ ਕੌਂਸਲਰ, ਪਰਮਜੀਤ ਸਿੰਘ ਮਲਹੋਤਰਾ, ਐਡਵੋਕੇਟ ਅਮਨ ਅਰੋੜਾ, ਸੁਰਿੰਦਰ ਸੇਠ, ਪਰਮਜੀਤ ਸਿੰਘ ਹੈਰੀ, ਹੀਰਾ ਲਾਲ ਇੰਦਰਜੀਤ ਸਮੇਤ ਸੈਂਕੜੇ ਪਾਰਟੀ ਵਰਕਰ ਅਤੇ ਆਗੂ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

## ਬਲਾਕ ਪੱਧਰੀ ਵਿਗਿਆਨ ਪ੍ਰਦਰਸ਼ਨੀ ਵਿੱਚ ਸਰਕਾਰੀ ਸੈਕੰਡਰੀ ਸਕੂਲ ਮਲਕਾਣਾ ਦੇ ਬੱਚਿਆਂ ਨੇ ਮਾਰੀਆਂ ਮੱਲਾਂ



ਤਲਵੰਡੀ ਸਾਬੋ, 11 ਨਵੰਬਰ (ਗੁਰਜੰਟ ਸਿੰਘ ਨਥੇਹਾ)- ਸਕੂਲ ਸਿੱਖਿਆ ਵਿਭਾਗ ਪੰਜਾਬ ਦੁਆਰਾ ਪ੍ਰੋਜੈਕਟ ਇਨੋਵੇਸ਼ਨ 2026 ਅਧੀਨ ਬਲਾਕ ਪੱਧਰੀ ਵਿਗਿਆਨ ਪ੍ਰਦਰਸ਼ਨੀ 2026-27, ਬਲਾਕ ਤਲਵੰਡੀ ਸਾਬੋ ਜੋ ਕਿ ਸਕੂਲ ਆਫ ਐਮੀਨੈਂਸ ਬੰਗੀ ਕਲਾਂ ਵਿਖੇ ਕਰਵਾਈ ਗਈ। ਜਿਸ ਵਿੱਚ "ਸਾਇੰਸ ਟੈਕਨੋਲਜੀ ਐਂਡ ਇਨੋਵੇਸ਼ਨ ਫਾਰ ਏ ਸਸਟੇਨੇਵਲ ਐਂਡ ਵਿਕਸਿਤ ਭਾਰਤ" ਦੇ ਸਬ ਥੀਮ "ਡਾਇਜੈਸਟਰ ਮੈਨੇਜਮੈਂਟ" ਵਿੱਚ ਗੁਰਨੂਰਪ੍ਰੀਤ ਸਿੰਘ ਪੁੱਤਰ ਬੂਟਾ ਸਿੰਘ ਜਮਾਤ ਦਸਵੀਂ ਸਰਕਾਰੀ ਸੈਕੰਡਰੀ ਸਕੂਲ ਮਲਕਾਣਾ ਨੇ ਭਾਗ ਲਿਆ ਤੇ ਪਹਿਲੀ ਪੁਜੀਸ਼ਨ ਪ੍ਰਾਪਤ ਕੀਤੀ ।ਇਸੇ ਹੀ ਤਰ੍ਹਾਂ ਨੂਰਪ੍ਰੀਤ ਕੌਰ ਪੁੱਤਰੀ ਸੇਵਕ ਸਿੰਘ ਜਮਾਤ ਨੌਵੀਂ ਨੇ ਸਬ ਥੀਮ "ਹੈਲਥ ਹਾਈਜੀਨ ਐਂਡ ਸੈਨੀਟੇਸ਼ਨ" ਵਿੱਚ ਭਾਗ ਲਿਆ ਅਤੇ ਤੀਜੀ ਪੁਜੀਸ਼ਨ ਪ੍ਰਾਪਤ ਕੀਤੀ। ਇਹਨਾਂ ਦੋਨੋਂ ਬੱਚਿਆਂ ਦੀ ਤਿਆਰੀ ਸਕੂਲ ਦੇ ਸਾਇੰਸ ਅਧਿਆਪਕ ਸ. ਰਾਜਵਿੰਦਰ ਸਿੰਘ ਵੱਲੋਂ ਕਰਵਾਈ ਗਈ ਸੀ, ਸੋ ਇਹਨਾਂ ਨੇ ਆਪਣੀ ਮਿਹਨਤ ਦਾ ਫਲ ਪ੍ਰਾਪਤ ਕੀਤਾ। ਇਸ ਲਈ ਸਕੂਲ ਪਹੁੰਚਣ ਤੇ ਦੋਨੋਂ ਵਿਦਿਆਰਥੀਆਂ ਅਤੇ ਸਾਇੰਸ ਅਧਿਆਪਕ ਸ. ਰਾਜਵਿੰਦਰ ਸਿੰਘ ਦਾ ਇਹਨਾਂ ਮਾਣਮੱਤੀਆਂ ਪ੍ਰਾਪਤੀਆਂ ਲਈ ਮੁੱਖ ਅਧਿਆਪਕ ਸ. ਗੁਰਮੇਲ ਸਿੰਘ ਅਤੇ ਸਮੂਹ ਸਟਾਫ ਵੱਲੋਂ ਅਸੈਂਬਲੀ ਵਿੱਚ ਸਨਮਾਨ ਕੀਤਾ ਗਿਆ ਅਤੇ ਮੁਬਾਰਕਬਾਦ ਦਿੱਤੀ ਗਈ ।ਗੁਰਨੂਰਪ੍ਰੀਤ ਸਿੰਘ ਜਿਸ ਨੇ ਕਿ ਵਿਗਿਆਨ ਪ੍ਰਦਰਸ਼ਨੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ ਉਹ ਜਲਦੀ ਹੀ ਜ਼ਿਲ੍ਹਾ ਪੱਧਰੀ ਵਿਗਿਆਨ ਪ੍ਰਦਰਸ਼ਨੀ ਵਿੱਚ ਭਾਗ ਲਵੇਗਾ ਤੇ ਅਸੀਂ ਕਾਮਨਾ ਕਰਦੇ ਹਾਂ ਕਿ ਇਹ ਉੱਥੇ ਵੀ ਵਧੀਆ ਪ੍ਰਦਰਸ਼ਨ ਕਰੇਗਾ। ਇਸ ਸਨਮਾਨ ਸਮਾਰੋਹ ਵਿੱਚ ਕਮਲਦੀਪ ਕੌਰ ,ਮੈਡਮ ਅੰਜਨਾ, ਮੈਡਮ ਸੋਨੀਆ ਰਾਣੀ, ਮੈਡਮ ਦਲਪ੍ਰੀਤ ਕੌਰ, ਮੈਡਮ ਪਰਮਜੀਤ ਕੌਰ, ਸ. ਗੁਰਤੇਜ ਸਿੰਘ, ਗੁਰਜੀਤ ਸਿੰਘ, ਹਰਬੰਸ ਸਿੰਘ, ਮੋਹਨ ਸਿੰਘ, ਦਲ ਸਿੰਘ, ਹਰਜੀਵਨ ਸਿੰਘ, ਤਰਨਵੀਰ ਕੌਰ ਅਤੇ ਟੀਚਿੰਗ ਪ੍ਰੈਕਟਸ ਵਾਲੇ ਵਿਦਿਆਰਥੀ ਜਸਵਿੰਦਰ ਕੌਰ, ਅਮਨਦੀਪ ਕੌਰ, ਜੋਤੀ ਕੌਰ ਅਤੇ ਸੋਨੀਆ ਕੌਰ ਸ਼ਾਮਿਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਮੰਗਾਂ ਨੂੰ ਲੈ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੀ ਉੱਚ ਅਧਿਕਾਰੀਆਂ ਨਾਲ ਹੋਈ ਮੀਟਿੰਗ :ਧਾਲੀਵਾਲ



ਫ਼ਿਰੋਜ਼ਪੁਰ, 11 ਨਵੰਬਰ (ਮਨੋਹਰ ਲਾਲ) : ਫੋਰੈਸਟ ਪੈਨਸ਼ਨਰਜ਼ ਦੀਆਂ ਮੰਗਾਂ ਨੂੰ ਲੈ ਕੇ ਜਥੇਬੰਦੀ ਦੀ ਉੱਚ ਅਧਿਕਾਰੀਆਂ ਨਾਲ ਹੋਈ ਮੀਟਿੰਗ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਨੇ ਕਿਹਾ ਕਿ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੇ ਮੰਗ ਪੱਤਰ ਤੇ ਵਿਚਾਰ ਵਟਾਂਦਰਾ ਕਰਨ ਲਈ ਵਣ ਮੰਡਲ ਅਫ਼ਸਰ ਪਟਿਆਲਾ ਸ਼੍ਰੀ ਸਤਿੰਦਰ ਸਿੰਘ ਨਾਲ ਐਸੋਸੀਏਸ਼ਨ ਦੀ ਮੀਟਿੰਗ ਹੋਈ ।ਵਿਭਾਗ ਵਲੋਂ ਵਣ ਅਫ਼ਸਰ ਸ਼੍ਰੀ ਸਤਿੰਦਰ ਸਿੰਘ ਦੇ ਨਾਲ ਸ਼੍ਰੀ ਕ੍ਰਿਸ਼ਨ ਕੁਮਾਰ ਸੁਪਰਡੈਂਟ ਵੱਲੋਂ ਮੀਟਿੰਗ ਵਿਚ ਸ਼ਿਰਕਤ ਕਰਕੇ ਪੈਨਸ਼ਨਰਾਂ ਦੀਆਂ ਮੰਗਾਂ ਸੁਣੀਆਂ। ਇਸ ਮੀਟਿੰਗ ਵਿਚ ਐਸੋਸੀਏਸ਼ਨ ਦੇ ਸੂਬਾ ਮੀਤ ਪ੍ਰਧਾਨ ਜੰਗ ਸਿੰਘ, ਭਜਨ ਸਿੰਘ, ਜਨਰਲ ਸਕੱਤਰ ਮੋਹਿੰਦਰ ਸਿੰਘ ਧਾਲੀਵਾਲ, ਜਥੇਬੰਧਕ ਸਕੱਤਰ ਕਰਮਜੀਤ ਸਿੰਘ ਜਗਰਾਓ, ਗੁਰਮੀਤ ਸਿੰਘ ਟਿਵਾਣਾ, ਸੱਤਪਾਲ ਸਿੰਘ ਉਪ ਰੇਂਜਰ ਅਤੇ ਪਵਨ ਕੁਮਾਰ ਪੁਰੀ ਪਟਿਆਲਾ ਮੀਟਿੰਗ ਵਿੱਚ ਸ਼ਾਮਲ ਹੋਏ ।ਮੀਟਿੰਗ ਦੌਰਾਨ ਸ਼੍ਰੀ ਪਵਨ ਕੁਮਾਰ ਪੁਰੀ ਸਰਕਲ ਪ੍ਰਧਾਨ ਪਟਿਆਲਾ ਨੇ ਹਾਜਰ ਸਾਥੀਆਂ ਬਾਰੇ ਜਾਣਕਾਰੀ ਦਿੱਤੀ ।ਐਸੋਸੀਏਸ਼ਨ ਦੇ ਜਨਰਲ ਸਕੱਤਰ ਮੋਹਿੰਦਰ ਸਿੰਘ ਧਾਲੀਵਾਲ ਨੇ ਵਣ ਪੈਨਸ਼ਨਰਜ ਦੇ ਮੈਡੀਕਲ ਬਿੱਲਾਂ ਦੀ ਅਦਾਇਗੀ ਸਮੇਂ ਸਿਰ ਕਰਨ, ਪੰਜਾਬ ਦੇ ਛੇਵੇਂ ਪੇ ਕਮਿਸ਼ਨ ਵਲੋਂ ਵਧਾਈ ਸਕੇਲਾਂ ਦੇ ਬਕਾਏ, ਲਿਵ ਇਨਕੈਸ਼ਮੈਂਟ ਦੇ ਬਕਾਏ, ਏ.ਸੀ.ਪੀ ਦੇ ਲਾਭ, ਵਣ ਪੈਨਸ਼ਨਰਜ ਦੇ ਪੈਨਸ਼ਨ ਕੇਸ ਮਹਾਂ ਲੇਖਾਕਾਰ ਪੰਜਾਬ ਚੰਡੀਗੜ੍ਹ ਨੂੰ ਹਰ ਪਖੋਂ ਮੁਕੰਮਲ ਕਰਕੇ ਭੇਜਣ, ਨਿਮਾਂ ਵਾਲ਼ਾ ਪਾਰਕ ਵਿੱਚ ਐਸੋਸੀਏਸ਼ਨ ਵੱਲੋਂ ਮੌਕਾ ਦੇਖਿਆ ਅਤੇ ਪੌਦਿਆਂ ਦੀ ਸਾਂਭ ਸੰਭਾਲ ਲਈ ਫੰਡ ਉਪਲਬਧ ਕਰਨ ਦੀ ਮੰਗ ਕੀਤੀ। ਵਣ ਮੰਡਲ ਅਫ਼ਸਰ ਸ਼੍ਰੀ ਸਤਿੰਦਰ ਸਿੰਘ ਨੇ ਵਿਸ਼ਵਾਸ਼ ਦੁਆਇਆ ਕਿ ਸਾਰੇ ਮਸਲਿਆਂ ਦਾ ਹੱਲ ਪਹਿਲ ਦੇ ਆਧਾਰ ਤੇ ਜ਼ਲਦੀ ਹੀ ਕੀਤਾ ਜਾਵੇਗਾ। ਇਸ ਮੌਕੇ ਸੱਤਪਾਲ ਡਿਪਟੀ ਰੇਂਜਰ ਅਤੇ ਗੁਰਮੀਤ ਸਿੰਘ ਟਿਵਾਣਾ ਨੇ ਮੈਡੀਕਲ ਬਿੱਲਾਂ ਦੀ ਅਦਾਇਗੀ ਬਾਰੇ ਮੰਗ ਕੀਤੀ। ਵਣ ਪਾਲ ਸਾਊਥ ਸਰਕਲ ਪਟਿਆਲਾ ਦੇ ਪ੍ਰਬੰਧਕੀ ਅਫ਼ਸਰ ਸ੍ਰੀਮਤੀ ਪਰਵੀਨ ਰਾਣੀ ਅਤੇ ਸ਼੍ਰੀ ਅਮਨਦੀਪ ਸਿੰਘ ਕਲਰਕ ਨੇ ਦੱਸਿਆ ਕਿ ਸ਼੍ਰੀ ਕਰਮਜੀਤ ਸਿੰਘ ਰਿਟਾਇਰਡ ਫੋਰੈਸਟ ਦੀ ਚਾਰ ਸਾਲ ਦੇ ਏ.ਸੀ.ਪੀ ਦੇ ਲਾਭ ਸਬੰਧੀ ਵਣ ਮੰਡਲ ਅਫ਼ਸਰ ਲੁਧਿਆਣਾ ਤੋਂ ਰਿਪੋਰਟ ਮੰਗੀ ਹੈ। ਸ਼੍ਰੀ ਰਣਜੀਤ ਸਿੰਘ ਵਣ ਬਲਾਕ ਅਫ਼ਸਰ ਸੇਵਾ ਮੁਕਤ ਸੰਗਰੂਰ ਵਿਰੁੱਧ ਚਲਦੀ ਪੜਤਾਲ ਬਾਰੇ ਵਣ ਮੰਡਲ ਅਫ਼ਸਰ ਸੰਗਰੂਰ ਤੋਂ ਮੰਗੀ ਰਿਪੋਰਟ ਆਉਣ ਤੇ ਫ਼ੈਸਲਾ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਇੱਕ ਨਜ਼ਰ...





## ਪਿੰਡ ਮਾਣੂੰਕੇ ਸੰਧੂ ਬਾਬਾ ਕਾਲਾ ਮਹਿਰ ਜੀ ਦੇ ਸਥਾਨ ਤੇ ਸਲਾਨਾ ਮੇਲਾ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ

### ਵੱਖ-ਵੱਖ ਧਾਰਮਿਕ, ਸਮਾਜਿਕ, ਅਤੇ ਰਾਜਨੀਤਕ ਸ਼ਖਸੀਅਤਾਂ ਸਮੇਤ ਵੱਡੀ ਗਿਣਤੀ ਵਿੱਚ ਸਰਧਾਲੂਆਂ ਨੇ ਭਰੀ ਹਾਜਰੀ

ਰਾਏਕੋਟ, 11 ਨਵੰਬਰ (ਵਰਿਆਮ ਹਠੂਰ) ਜਿਲ੍ਹਾ ਲੁਧਿਆਣਾ ਦੇ ਇਤਿਹਾਸਕ ਪਿੰਡ ਮਾਣੂੰਕੇ ਸੰਧੂ ਵਿਖੇ ਸੰਧੂਆਂ ਦੇ ਪ੍ਰਸਿੱਧ ਸਥਾਨ ਬਾਬਾ ਕਾਲਾ ਮਹਿਰ ਜੀ ਵਿਖੇ ਵੱਡੀ ਏਕਮ ਤੇ ਸਲਾਨਾ ਮੇਲਾ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ, ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸ਼ਖਸ਼ੀਅਤਾਂ ਸਮੇਤ ਵੱਡੀ ਗਿਣਤੀ ਵਿੱਚ ਸਰਧਾਲੂਆਂ ਨੇ ਬਾਬਾ ਕਾਲਾ ਮਹਿਰ ਜੀ ਦੇ ਸਥਾਨ ਤੇ ਦਰਸ਼ਨ ਦੀਦਾਰੇ ਕੀਤੇ, ਸਵੇਰ ਤੋਂ ਹੀ ਸਰਧਾਲੂਆਂ ਦੀਆਂ ਦਰਸਨਾਂ ਲਈ ਲੰਬੀਆਂ ਕਤਾਰਾਂ ਨਜ਼ਰ ਆਈਆਂ, ਪ੍ਰਬੰਧਕਾਂ ਵੱਲੋਂ ਕੀਤੀਆਂ ਸਜਾਵਟਾਂ ਵੀ ਵੇਖਣ ਯੋਗ ਸਨ। ਪ੍ਰਬੰਧਕ ਕਮੇਟੀ ਤੋਂ ਪ੍ਰਧਾਨ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ, ਸੀਨੀਅਰ ਮੀਤ ਪ੍ਰਧਾਨ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ ਤੇ ਸਮੂਹ ਪ੍ਰਬੰਧਕਾਂ ਨੇ ਹਾਜਰਿਆਂ ਭਰਨ ਵਾਲੀਆਂ ਸੰਗਤਾਂ ਨੂੰ ਜੀ ਆਇਆ, ਸੰਧੂ ਪਰਿਵਾਰਾਂ ਸਮੇਤ ਸ਼ਰਧਾ ਰੱਖਣ ਵਾਲੀਆਂ ਸੰਗਤਾਂ ਨੇ ਮਿੱਟੀ ਕੱਢੀ ਤੇ ਸੁੱਖਾਂ ਚੜ੍ਹਾਈਆਂ, ਨਵੇਂ ਸਰਧਾਲੂਆਂ ਨੇ ਆਪਣੀਆਂ ਮਨੋਕਾਮਨਾ ਦੀ ਪੂਰਤੀ ਲਈ ਸੁੱਖਾਂ ਸੁੱਖੀਆਂ, ਨਵੇਂ ਵਿਆਹੇ ਜੋੜਿਆ ਦਾ ਗੰਢ ਜੋੜਾ ਲੈ ਕੇ ਪਰਿਵਾਰ ਮੱਥਾ ਟਕਾਉਣ ਬਾਬਾ ਕਾਲਾ ਮਹਿਰ ਜੀ ਦੇ ਸਥਾਨ ਤੇ ਪਹੁੰਚੇ ਤੇ ਢੋਲ ਦੇ ਡੱਗਿਆਂ ਦੀਆਂ ਅਵਾਜਾਂ ਦੂਰ-ਦੂਰ ਤੱਕ ਸੁਣਾਈ ਦਿੰਦੀਆਂ ਰਹੀਆਂ, ਹਲਕਾ ਜਗਰਾਉਂ ਤੋਂ ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ, ਸੀਨੀਅਰ ਕਾਂਗਰਸੀ ਆਗੂ ਰਜੇਸ਼ਿੰਦਰ ਸਿੰਘ ਸਿੱਧੂ ਜਗਰਾਉਂ, ਗਾਇਕ ਹੈਰੀ ਸੰਧੂ, ਸਵਰਨ ਸਿੰਘ ਝੱਲੀ ਯੂ ਐੱਸ ਏ ਪਰਿਵਾਰ ਨੇ ਵੀ ਹਾਜਰੀਆਂ ਭਰ ਕੇ ਦਰਸ਼ਨ ਦੀਦਾਰੇ ਕੀਤੇ, ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਕਿਹਾ ਕਿ ਬਾਬਾ ਕਾਲਾ ਮਹਿਰ ਜੀ ਦੇ ਸਥਾਨ ਤੇ ਸਲਾਨਾ ਮੇਲੇ ਤੇ ਠਾਠਾਂ ਮਾਰਦਾ ਇਕੱਠ ਇਸ ਗੱਲ ਦੀ ਗਵਾਹੀ ਭਰਦਾ ਹੈ। ਕਿ ਸੰਗਤਾਂ ਬਾਬਾ ਕਾਲਾ ਮਹਿਰ ਜੀ ਸੰਧੂ ਪ੍ਰਤੀ ਕਿੰਨੀ ਸ਼ਰਧਾ ਅਤੇ ਵਿਸ਼ਵਾਸ਼ ਰੱਖਦੀਆਂ ਹਨ। ਬਾਬਾ ਜੀ ਸਭ ਦੀਆਂ ਮਨੋਕਾਮਨਾ ਪੂਰੀਆਂ ਕਰਦੇ ਹਨ। ਸਭ ਦੀਆਂ ਝੋਲੀਆਂ ਭਰਦੇ ਹਨ। ਮੈਂ ਆਪਣੇ ਪਰਿਵਾਰ ਸਮੇਤ ਬਾਬਾ ਜੀ ਦੇ ਸਥਾਨ ਤੇ ਪਹੁੰਚ ਕੇ ਦਰਸ਼ਨ ਦੀਦਾਰੇ ਕੀਤੇ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ, ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਅਤੇ ਉਨ੍ਹਾਂ ਦੇ ਬੱਚਿਆਂ ਦਾ ਵਿਸ਼ੇਸ਼ ਤੌਰ ਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਇਸ ਮੌਕੇ ਕਾਂਗਰਸ ਦੇ ਸੀਨੀਅਰ ਆਗੂ ਰਜੇਸ਼ਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਬਾਬਾ ਕਾਲਾ ਮਹਿਰ ਜੀ ਦੇ ਸਥਾਨ ਤੇ ਪੰਜਾਬ ਦੇ ਪਿੰਡਾਂ, ਸਹਿਰਾਂ, ਸਮੇਤ ਹੋਰ ਸਟੇਟਾਂ ਅਤੇ ਬਾਹਰਲੇ ਮੁਲਕਾਂ ਤੋਂ ਵੀ ਸੰਗਤਾਂ ਪਹੁੰਚ ਕੇ ਖੁੱਲ੍ਹੇ ਦਰਸ਼ਨ ਦੀਦਾਰੇ ਕਰਦੀਆਂ ਹਨ। ਇਹ ਸੰਧੂਆਂ ਦਾ ਪ੍ਰਸਿੱਧ ਸਥਾਨ ਹੈ। ਤੇ ਸੰਗਤਾਂ ਦੀ ਬਾਬਾ ਕਾਲਾ ਮਹਿਰ ਜੀ ਪ੍ਰਤੀ ਬੇਹੱਦ ਸ਼ਰਧਾ ਅਤੇ ਵਿਸਵਾਸ਼ ਹੈ। ਸਲਾਨਾ ਮੇਲੇ ਮੌਕੇ ਹਾਜਰੀਆਂ ਭਰ ਕੇ ਸੰਗਤਾਂ ਦੇ ਚਿਹਰਿਆਂ ਤੇ ਰੌਣਕਾਂ ਵੇਖਣ ਨੂੰ ਮਿਲੀਆਂ, ਤੇ ਬਹੁਤ ਚੰਗਾ ਲੱਗਿਆ, ਇਸ ਮੌਕੇ ਪ੍ਰਬੰਧਕਾਂ ਵੱਲੋਂ ਸੀਨੀਅਰ ਕਾਂਗਰਸੀ ਆਗੂ ਰਜੇਸ਼ਿੰਦਰ ਸਿੰਘ ਸਿੱਧੂ ਦਾ ਵੀ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਸਵਰਨ ਸਿੰਘ ਝੱਲੀ ਯੂ ਐੱਸ ਏ ਪਰਿਵਾਰ ਦਾ ਵੀ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਪ੍ਰਬੰਧਕਾਂ ਵੱਲੋਂ ਬਾਬਾ ਕਾਲਾ ਮਹਿਰ ਜੀ ਦੇ ਸਥਾਨ ਤੇ ਸੇਵਾਵਾਂ ਨਿਭਾਉਣ ਵਾਲੇ ਸੇਵਾਦਾਰ ਨੂੰ ਵਧੀਆਂ ਸੇਵਾਵਾਂ ਬਦਲੇ ਸਕੂਟਰੀ ਦੇ ਕੇ ਸਨਮਾਨਿਤ ਕੀਤਾ, ਤੇ ਨਾਲ-ਨਾਲ ਥਾਣਾ ਹਠੂਰ ਦੇ ਮੁਖੀ ਗੁਰਸੇਵਕ ਸਿੰਘ ਅਤੇ ਪੁਲਿਸ ਪਾਰਟੀ ਦਾ ਵੀ ਮੇਲੇ ਵਿੱਚ ਵਧੀਆ ਢੰਗ ਨਾਲ ਡਿਊਟੀਆ ਨਿਭਾਉਣ ਕਰਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਤੇ ਪ੍ਰਬੰਧਕ ਕਮੇਟੀ ਨੂੰ ਸਹਿਯੋਗ ਕਰਨ ਵਾਲੀਆਂ ਸ਼ਖਸ਼ੀਅਤਾਂ ਅਤੇ ਸੇਵਾਦਾਰਾਂ ਨੂੰ ਵੀ ਸਨਮਾਨਿਤ ਕੀਤਾ ਗਿਆ, ਅੰਤ ਵਿੱਚ ਪ੍ਰਧਾਨ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ, ਸੀਨੀਅਰ ਕਾਂਗਰਸੀ ਆਗੂ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ ਅਤੇ ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ ਨੇ ਸਮੂਹ ਸੰਗਤਾਂ, ਸਹਿਯੋਗ ਕਰਨ ਵਾਲੀਆਂ ਸ਼ਖਸੀਅਤਾਂ, ਸੇਵਾਦਾਰਾਂ ਅਤੇ ਪੁਲਿਸ ਪੁਲਿਸ ਪਾਰਟੀ ਸਮੇਤ ਪੁੱਜੀਆਂ ਰਾਜਨੀਤਕ ਸ਼ਖਸੀਅਤਾਂ, ਵੱਖ-ਵੱਖ ਕਲੱਬਾਂ, ਅਤੇ ਐੱਨ ਆਰ ਆਈ ਵੀਰਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਸਲਾਨਾ ਮੇਲੇ ਮੌਕੇ ਪ੍ਰਬੰਧਕ ਸੇਵਾਦਾਰਾਂ ਵੱਲੋਂ ਲੰਗਰਾਂ ਦੇ ਖਾਸ਼ ਪ੍ਰਬੰਧ ਕੀਤੇ ਗਏ, ਤੇ ਸਲਾਨਾ ਮੇਲਾ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ, ਇਸ ਮੌਕੇ ਸਮੂਹ ਪ੍ਰਬੰਧਕ ਕਮੇਟੀ ਸਮੇਤ, ਸਾਬਕਾ ਪੰਚ ਸਤਨਾਮ ਸਿੰਘ ਸੱਤੀ, ਸੈਕਟਰੀ ਇੰਦਰਜੀਤ ਸਿੰਘ ਜਨਰੇਟਰਾਂ ਵਾਲੇ, ਰਾਜਵਿੰਦਰ ਸਿੰਘ, ਦਲਵੀਰ ਸਿੰਘ, ਹਰਦੇਵ ਸਿੰਘ, ਗੇਜਾ, ਵਿੱਕੀ, ਅੰਬੀ, ਕਾਲਾ, ਬੂਟਾ ਸਿੰਘ, ਪੰਚ ਸਾਧੂ ਸਿੰਘ ਮਾਣੂੰਕੇ, ਦਲਜੀਤ ਸਿੰਘ ਨੀਟਾ, ਲਾਲੀ ਮਾਣੂੰਕੇ, ਜਗਤਾਰ ਸਿੰਘ, ਅਮਨਦੀਪ ਸਿੰਘ, ਤੇ ਹੋਰ ਸੇਵਾਦਾਰ ਹਾਜਰ ਸਨ।

## ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਜਥੇਬੰਦਕ ਢਾਂਚੇ ਵਿੱਚ ਕੀਤੀਆਂ ਨਵੀਆਂ ਨਿਯੁਕਤੀਆਂ

ਚੰਡੀਗੜ੍ਹ, 11 ਨਵੰਬਰ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪਾਰਟੀ ਵਿੱਚ ਕੁਝ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ। 'ਸ. ਰਣਧੀਰ ਸਿੰਘ ਰੱਖੜਾ' ਨੂੰ ਕੋਰ ਕਮੇਟੀ ਮੈਂਬਰ ਬਣਾਇਆ ਗਿਆ ਬਾਕੀ ਜਿੰਨਾ ਦਾ ਵੇਰਵਾ ਇਸ ਪ੍ਰਕਾਰ ਹੈ- ਮੀਤ ਪ੍ਰਧਾਨ ਸ. ਜਸਵਿੰਦਰ ਸਿੰਘ ਢਿੱਲੋਂ ਸ. ਗੁਰਤੇਜਪਾਲ ਸਿੰਘ ਭਗਵਾਨਪੁਰਾ ਸ. ਮੱਖਣ ਸਿੰਘ ਲਹਿਰਾ ਬੇਗਾ ਜਨਰਲ ਸਕੱਤਰ ਸ. ਭੁਪਿੰਦਰ ਸਿੰਘ ਸ਼ੇਖੂਪੁਰ ਜਥੇਬੰਦਕ ਸਕੱਤਰ ਸ. ਨਰਿੰਦਰ ਸਿੰਘ ਬਾਜਵਾ ਸ. ਬਲਤੇਜ ਸਿੰਘ ਟਿਵਾਣਾ ਪ੍ਰਚਾਰ ਸਕੱਤਰ ਸ. ਸੁਰਿੰਦਰਪਾਲ ਸਿੰਘ ਢਿਲੋਂ ਮੁੱਖ ਬੁਲਾਰਾ ਸ. ਹਰਦੀਪ ਸਿੰਘ ਬਾਠ ਜਿਲ੍ਹਾ ਪ੍ਰਧਾਨ ਸ. ਜਗਤਾਰ ਸਿੰਘ ਸਹਾਰਨ ਮਾਜਰਾ (ਲੁਧਿਆਣਾ ਦਿਹਾਤੀ)।

# 16 ਨਵੰਬਰ ਦੀ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ ਨੂੰ ਲੈ ਕੇ ਹਲਕਾ ਜਗਰਾਉਂ ਵਿੱਚ ਸਰਗਰਮੀਆਂ ਤੇਜ਼: ਐੱਸ ਆਰ ਕਲੇਰ

### ਬੀਬਾ ਹਰਸਿਮਰਤ ਕੌਰ ਬਾਦਲ ਦੀ ਸ਼ਮੂਲੀਅਤ ਬੀਬੀਆਂ ਭੈਣਾਂ ਵਿੱਚ ਜਾਗੂਰਤਾ ਅਤੇ ਨਵਾਂ ਜੋਸ਼ ਭਰੇਗੀ



ਜਗਰਾਉਂ, 11 ਨਵੰਬਰ (ਵਰਿਆਮ ਹਠੂਰ)- ਜਗਰਾਉਂ ਵਿੱਚ 16 ਨਵੰਬਰ ਨੂੰ ਬੀਬਾ ਹਰਸਿਮਰਤ ਕੌਰ ਬਾਦਲ ਜੀ ਦੀ ਸ਼ਮੂਲੀਅਤ ਨਾਲ ਹੋਣ ਜਾ ਰਹੀ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ ਨੂੰ ਲੈ ਕੇ ਕਲੇਰ ਜੋੜੀ ਨੇ ਹਲਕਾ ਜਗਰਾਉਂ ਵਿੱਚ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਇਸੇ ਤਹਿਤ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਸ੍ਰੀ ਐੱਸ.ਆਰ.ਕਲੇਰ, ਸਾਬਕਾ ਵਿਧਾਇਕ (ਜਗਰਾਉਂ), ਅਤੇ ਮੈਡਮ ਰਣਵੀਰ ਕੌਰ ਕਲੇਰ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਪਾਰਟੀ ਆਗੂਆਂ, ਵਰਕਰਾਂ ਅਤੇ ਬੀਬੀਆਂ ਨਾਲ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ। ਇਸ ਦੌਰਾਨ ਉਨ੍ਹਾਂ ਵੱਲੋਂ 16 ਨਵੰਬਰ ਨੂੰ ਸਨੇਹਮੋਹਨ ਹੋਟਲ ਲੁਧਿਆਣਾ ਰੋਡ ਸਥਾਨ ਜਗਰਾਉਂ ਵਿਖੇ ਹੋਣ ਵਾਲੀ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ ਵਿੱਚ ਵੱਡੀ ਗਿਣਤੀ ਵਿੱਚ 16 ਨਵੰਬਰ ਨੂੰ ਸਵੇਰੇ 10 ਵਜੇ ਸ਼ਾਮਲ ਹੋਣ ਲਈ ਸੱਦਾ ਦਿੱਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਅੱਜ ਸਰਕਲ ਮੱਲ੍ਹਾ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਪਿੰਡ ਚੀਮਾ ਵਿਖੇ ਸਰਕਲ ਪ੍ਰਧਾਨ ਪਰਮਿੰਦਰ ਸਿੰਘ ਦੇ ਗ੍ਰਹਿ ਵਿਖੇ ਵੱਡੀ ਗਿਣਤੀ ਵਿੱਚ ਬੀਬੀਆਂ ਇਕੱਤਰ ਹੋਈਆਂ। ਬੀਬੀਆਂ ਵੱਲੋਂ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਐੱਸ.ਆਰ.ਕਲੇਰ ਅਤੇ ਮੈਡਮ ਰਣਬੀਰ ਕੌਰ ਕਲੇਰ ਨੂੰ ਭਰੋਸਾ ਦਿੱਤਾ ਗਿਆ। ਸੀਨੀਅਰ ਆਗੂਆਂ ਨੇ ਕਿਹਾ ਕਿ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ ਨੂੰ ਲੈ ਕੇ ਪਿੰਡ-ਪਿੰਡ ਬੀਬੀਆਂ ਵਿੱਚ ਭਾਰੀ ਉਤਸ਼ਾਹ ਹੈ ਅਤੇ ਲੋਕਾਂ ਵੱਲੋਂ ਮਿਲ ਰਿਹਾ ਭਰਵਾਂ ਹੁੰਗਾਰਾ ਰੈਲੀ ਦੀ ਸਫ਼ਲਤਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ 16 ਨਵੰਬਰ ਨੂੰ ਜਗਰਾਉਂ ਵਿਖੇ ਬੀਬਾ ਹਰਸਿਮਰਤ ਕੌਰ ਬਾਦਲ ਜੀ ਦੀ ਅਗਵਾਈ ਹੇਠ ਹੋਣ ਵਾਲੀ ਇਹ ਰੈਲੀ ਯਾਦਗਾਰੀ ਹੋਵੇਗੀ। ਤੇ ਬੀਬੀਆਂ ਭੈਣਾਂ ਵਿੱਚ ਜਾਗੂਰਤਾ ਅਤੇ ਨਵਾਂ ਜੋਸ਼ ਭਰੇਗੀ, ਇਸ ਮੌਕੇ ਹਲਕਾ ਇੰਚਾਰਜ ਸ੍ਰੀ ਐੱਸ. ਆਰ. ਕਲੇਰ, ਮੈਡਮ ਰਣਬੀਰ ਕੌਰ ਕਲੇਰ, ਜਥੇਦਾਰ ਪਰਮਿੰਦਰ ਸਿੰਘ ਚੀਮਾ, ਅਤੇ ਪ੍ਰਧਾਨ ਪਰਮਿੰਦਰ ਸਿੰਘ ਕੰਬੋ ਹਠੂਰ ਨੇ ਇਕੱਤਰ ਬੀਬੀਆਂ ਭੈਣਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਪਾਰਟੀ ਦੇ ਅਹੁਦੇਦਾਰ, ਆਗੂ, ਵਰਕਰ ਅਤੇ ਇਸਤਰੀ ਹਲਕਾ ਪ੍ਰਧਾਨ ਬੀਬੀ ਸਤਪਾਲ ਕੌਰ ਗਰੇਵਾਲ, ਪ੍ਰਧਾਨ ਪਰਮਿੰਦਰ ਕੌਰ ਕੋਠੇ ਜੀਵੇਂ, ਸਰਪੰਚ ਜਗਦੀਸ਼ ਕੌਰ, ਜਸਵੀਰ ਕੌਰ, ਕਮਲਜੀਤ ਕੌਰ, ਕਰਮਜੀਤ ਕੌਰ, ਬਲਜਿੰਦਰ ਕੌਰ, ਸਰਵਜੀਤ ਕੌਰ, ਹਰਦੀਪ ਕੌਰ, ਪ੍ਰਦੀਪ ਕੌਰ, ਬਲਜਿੰਦਰ ਕੌਰ, ਹਰਜੀਤ ਕੌਰ, ਕੁਲਵੰਤ ਕੌਰ, ਕਮਲਜੀਤ ਕੌਰ, ਇੰਦਰਪਾਲ ਕੌਰ, ਮਨਪ੍ਰੀਤ ਕੌਰ, ਪਰਮਜੀਤ ਕੌਰ, ਮਨਜੀਤ ਕੌਰ, ਜਸਵਿੰਦਰ ਕੌਰ, ਚਰਨਜੀਤ ਕੌਰ, ਜਸਪਾਲ ਕੌਰ, ਅਜੀਤ ਕੌਰ, ਮਨਦੀਪ ਕੌਰ, ਪ੍ਰਦੀਪ ਕੌਰ, ਜਸਵੀਰ ਕੌਰ, ਮਨਪ੍ਰੀਤ ਕੌਰ, ਕਰਮਜੀਤ ਕੌਰ, ਕਰਮਜੀਤ ਪਾਲ ਕੌਰ, ਬਲਜੀਤ ਕੌਰ, ਦਵਿੰਦਰ ਕੌਰ, ਪਰਮਜੀਤ ਕੌਰ, ਜਸਵੀਰ ਕੌਰ, ਹਰਪ੍ਰੀਤ ਕੌਰ, ਜਸਵੀਰ ਕੌਰ, ਨਰਿੰਦਰ ਕੌਰ, ਕਰਮਜੀਤ ਕੌਰ, ਬਲਜਿੰਦਰ ਕੌਰ ਅਤੇ ਹੋਰ ਬੀਬੀਆਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਜਗਤ ਜੋਤਿ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ 318ਵਾਂ ਪਾਵਨ 'ਗੁਰਤਾਗੱਦੀ ਦਿਵਸ' ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਵਿਖੇ ਅਲੌਕਿਕ ਜਾਹੋ-ਜਲਾਲ ਅਤੇ ਪੁਰਾਤਨ ਮਰਯਾਦਾ ਸਹਿਤ ਸੰਪੰਨ

### ਦਸਮੇਸ਼ ਪਿਤਾ ਜੀ ਦੇ ਅਮਰ ਬੋਲ 'ਸਭ ਸਿੱਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ' ਦੇ ਜੈਕਾਰਿਆਂ ਨਾਲ ਗੂੰਜਿਆ ਸੱਚਖੰਡ ਦਰਬਾਰ



ਸ੍ਰੀ ਹਜ਼ੂਰ ਸਾਹਿਬ (ਨਾਂਦੇੜ), 11 ਨਵੰਬਰ (ਆਵਾਜ਼ਿ ਕੌਮ ਬਿਊਰੋ)- ਸਰਬੰਸਦਾਨੀ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਚਰਨ-ਛੋਹ ਪ੍ਰਾਪਤ ਪਵਿੱਤਰ ਅਸਥਾਨ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਵਿਖੇ ਜਗਤ ਜੋਤਿ, ਪ੍ਰਤੱਖ ਹਰਿ, ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ 318ਵਾਂ ਪਾਵਨ ਗੁਰਤਾਗੱਦੀ ਦਿਵਸ ਬੜੀ ਸ਼ਰਧਾ, ਸਤਿਕਾਰ ਅਤੇ ਪੁਰਾਤਨ ਖ਼ਾਲਸਾਈ ਮਰਯਾਦਾ ਅਨੁਸਾਰ ਸੰਪੰਨ ਹੋਇਆ। ਗੁਰਦੁਆਰਾ ਸੱਚਖੰਡ ਬੋਰਡ ਦੇ ਸੁਪਰਡੈਂਟ ਸ. ਰਵਿੰਦਰ ਸਿੰਘ ਕਪੂਰ ਨੇ ਇਸ ਮੁਬਾਰਕ ਦਿਹਾੜੇ ਦੀ ਦੇਸ਼-ਵਿਦੇਸ਼ ਦੀ ਸਮੁੱਚੀ ਸਾਧ ਸੰਗਤ ਨੂੰ ਵਧਾਈ ਦਿੰਦਿਆਂ ਇਤਿਹਾਸਿਕ ਸੰਦਰਭ ਸਾਂਝਾ ਕੀਤਾ। ਉਨ੍ਹਾਂ ਦੱਸਿਆ ਕਿ ਸੰਨ 1708 ਵਿੱਚ ਇਸੇ ਮੁਕੱਦਸ ਅਸਥਾਨ 'ਤੇ ਕਲਗ਼ੀਧਰ ਪਾਤਸ਼ਾਹ ਜੀ ਨੇ ਸ਼ਬਦ-ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਤਾਗੱਦੀ ਸੌਂਪ ਕੇ ਸਮੁੱਚੀ ਮਾਨਵਤਾ ਨੂੰ ਸਦੀਵੀ ਮਾਰਗ-ਦਰਸ਼ਨ ਬਖ਼ਸ਼ਿਆ ਅਤੇ ਹੁਕਮ ਫ਼ਰਮਾਇਆ: 'ਆਗਿਆ ਭਈ ਅਕਾਲ ਕੀ ਤਬੈ ਚਲਾਇਓ ਪੰਥ ॥ ਸਭ ਸਿੱਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ ॥' ਉਨ੍ਹਾਂ ਦੱਸਿਆ ਕਿ ਦਸਮੇਸ਼ ਪਿਤਾ ਜੀ ਵੱਲੋਂ ਨਿਰਧਾਰਿਤ ਉਸੇ ਪੁਰਾਤਨ ਮਰਯਾਦਾ ਅਤੇ ਅਦਬ-ਸਤਿਕਾਰ ਨੂੰ ਕਾਇਮ ਰੱਖਦਿਆਂ, ਸਿੰਘ ਸਾਹਿਬ ਜਥੇਦਾਰ ਬਾਬਾ ਕੁਲਵੰਤ ਸਿੰਘ ਜੀ ਅਤੇ ਸਮੂਹ ਪੰਜ ਪਿਆਰੇ ਸਾਹਿਬਾਨ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਤਖ਼ਤ ਸਾਹਿਬ ਵਿਖੇ ਸੁਸ਼ੋਭਿਤ ਸੁਭਾਇਮਾਨ ਕਰਕੇ ਰਵਾਇਤੀ ਰਸਮਾਂ ਪੂਰਨ ਗੁਰਮਤਿ ਭਾਵਨਾ ਨਾਲ ਸੰਪੰਨ ਕੀਤੀਆਂ। ਗੁਰਦੁਆਰਾ ਸੱਚਖੰਡ ਬੋਰਡ ਦੇ ਮੀਤ ਪ੍ਰਧਾਨ ਸ. ਗੁਰਿੰਦਰ ਸਿੰਘ ਬਾਵਾ ਅਤੇ ਸਕੱਤਰ ਸ. ਰਵਿੰਦਰ ਸਿੰਘ ਬੁੰਗਈ ਨੇ ਬੋਰਡ ਦੇ ਸਮੂਹ ਮੈਂਬਰ ਸਾਹਿਬਾਨ ਵੱਲੋਂ ਦੇਸ਼-ਵਿਦੇਸ਼ ਤੋਂ ਨਤਮਸਤਕ ਹੋਣ ਪੁੱਜੀਆਂ ਸੰਗਤਾਂ, ਨਿਹੰਗ ਸਿੰਘ ਜਥੇਬੰਦੀਆਂ ਅਤੇ ਸੰਤਾਂ-ਮਹਾਂਪੁਰਸ਼ਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ 318ਵੇਂ ਗੁਰਤਾਗੱਦੀ ਦਿਵਸ ਦੀ ਲੱਖ-ਲੱਖ ਵਧਾਈ ਦਿੱਤੀ। ਇਸ ਪਾਵਨ ਮੌਕੇ ਤਖ਼ਤ ਸਾਹਿਬ ਵਿਖੇ ਗੁਰਦੁਆਰਾ ਬੋਰਡ ਦੇ ਮੈਂਬਰ ਸ. ਮਨਪ੍ਰੀਤ ਸਿੰਘ ਕੁੰਜੀਵਾਲੇ, ਸ. ਗੁਰਮੀਤ ਸਿੰਘ ਮਹਾਜਨ, ਸਹਾਇਕ ਸੁਪਰਡੈਂਟ ਸ. ਬਲਵਿੰਦਰ ਸਿੰਘ ਫ਼ੌਜੀ, ਸਹਾਇਕ ਸੁਪਰਡੈਂਟ ਸ. ਜੈਮਲ ਸਿੰਘ ਢਿੱਲੋਂ ਸਮੇਤ ਬੋਰਡ ਦੇ ਸਮੂਹ ਅਧਿਕਾਰੀ, ਕਰਮਚਾਰੀ ਅਤੇ ਨਾਂਦੇੜ ਸ਼ਹਿਰ ਦੇ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਸਮੂਹ ਗੁਰੂ-ਰੂਪ ਸਾਧ ਸੰਗਤ ਜੀ ਨੂੰ ਬੜੇ ਅਦਬ ਅਤੇ ਸਤਿਕਾਰ ਸਹਿਤ ਬੇਨਤੀ ਕੀਤਾ ਜਾਂਦਾ ਹੈ ਕਿ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਵਿਖੇ, ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 318ਵੇਂ ਪਾਵਨ 'ਗੁਰਤਾਗੱਦੀ ਦਿਵਸ' ਅਤੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪਾਵਨ 'ਜੋਤੀ ਜੋਤਿ ਪੁਰਬ' (ਸੱਚਖੰਡ ਗਮਨ ਦਿਵਸ) ਨੂੰ ਸਮਰਪਿਤ ਵਿਸ਼ੇਸ਼ ਕੀਰਤਨ ਦਰਬਾਰ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਸਜਾਏ ਜਾ ਰਹੇ ਹਨ। ਅਸਥਾਨ: ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਭਵਨ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਸਮਾਗਮ ਦੀ ਸਮਾਂ-ਸਾਰਣੀ: 11 ਨਵੰਬਰ 2026 ਤੋਂ 14 ਨਵੰਬਰ 2026: ਰੋਜ਼ਾਨਾ ਸ਼ਾਮ 07:30 ਵਜੇ ਤੋਂ ਦੇਰ ਰਾਤ 12:00 ਵਜੇ ਤੱਕ 15 ਨਵੰਬਰ 2026: ਸਵੇਰੇ 08:30 ਵਜੇ ਤੋਂ ਦੁਪਹਿਰ 12:00 ਵਜੇ ਤੱਕ ਨਿਮਰਤਾ ਸਹਿਤ ਬੇਨਤੀ: ਸਮੂਹ ਸੰਗਤਾਂ ਅੱਗੇ ਸਨਿਮਰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਸਮੇਂ ਸਿਰ ਹਾਜ਼ਰੀਆਂ ਭਰ ਕੇ ਗੁਰਬਾਣੀ ਦੇ ਮਨੋਹਰ ਕੀਰਤਨ ਦਾ ਆਨੰਦ ਮਾਣੋ ਅਤੇ ਗੁਰੂ ਘਰ ਦੀਆਂ ਬਖ਼ਸ਼ਿਸ਼ਾਂ ਤੇ ਖ਼ੁਸ਼ੀਆਂ ਪ੍ਰਾਪਤ ਕਰੋ ਜੀ।

# ਇੱਕ ਨਜ਼ਰ ...



## ਸੋਨੀਆ ਗਾਂਧੀ ਦੀ ਪੁਸਤਕ 1984 ਦੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਬਚਾਉਣ ਅਤੇ ਗਾਂਧੀ ਪਰਿਵਾਰ ਨੂੰ ਕਲੀਨ ਚਿੱਟ ਦੇਣ ਦੀ ਕੋਸ਼ਿਸ਼: ਕਾਲਕਾ ਤੇ ਕਾਹਲੋਂ

ਨਵੀਂ ਦਿੱਲੀ, 11 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਸੋਨੀਆ ਗਾਂਧੀ ਦੀ ਪੁਸਤਕ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਇਸ ਨੂੰ ਇਤਿਹਾਸਕ ਤੱਥਾਂ ਨੂੰ ਤੋੜ-ਮਰੋੜ ਕੇ ਪੇਸ਼ ਕਰਨ ਅਤੇ ਗਾਂਧੀ ਪਰਿਵਾਰ ਨੂੰ ਕਲੀਨ ਚਿੱਟ ਦੇਣ ਦੀ ਕੋਸ਼ਿਸ਼ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਰਾਜੀਵ ਗਾਂਧੀ ਦਾ 'ਜਬ ਬੜਾ ਪੇੜ ਗਿਰਤਾ ਹੈ ਤੋ ਧਰਤੀ ਹਿਲਤੀ ਹੈ' ਵਾਲਾ ਵਿਵਾਦਤ ਬਿਆਨ ਅੱਜ ਵੀ ਸਿੱਖ ਕੌਮ ਦੇ ਜ਼ਖ਼ਮਾਂ ਨੂੰ ਹਰੇ ਕਰ ਦਿੰਦਾ ਹੈ। ਜੇਕਰ ਉਹ 1984 ਦੇ ਕਤਲੇਆਮ ਤੋਂ ਦੁਖੀ ਸਨ ਤਾਂ ਕਾਤਲਾਂ ਨੂੰ ਸਿਆਸੀ ਸਰਪ੍ਰਸਤੀ ਕਿਉਂ ਮਿਲਦੀ ਰਹੀ ਅਤੇ ਪੀੜਤ ਪਰਿਵਾਰਾਂ ਨੂੰ ਦਹਾਕਿਆਂ ਤੱਕ ਇਨਸਾਫ਼ ਲਈ ਸੰਘਰਸ਼ ਕਿਉਂ ਕਰਨਾ ਪਿਆ? ਦੋਵਾਂ ਆਗੂਆਂ ਨੇ ਕਿਹਾ ਕਿ 1984 ਦੇ ਸਿੱਖ ਕਤਲੇਆਮ ਵਿੱਚ ਕਾਂਗਰਸੀ ਆਗੂਆਂ ਦੀ ਸ਼ਮੂਲੀਅਤ ਸਵੀਕਾਰ ਕੀਤੇ ਜਾਣ ਦੇ ਬਾਵਜੂਦ ਇਤਿਹਾਸਕ ਜ਼ਿੰਮੇਵਾਰੀ ਤੋਂ ਪਿੱਛੇ ਨਹੀਂ ਹਟਿਆ ਜਾ ਸਕਦਾ। ਉਨ੍ਹਾਂ ਸੋਨੀਆ ਗਾਂਧੀ ਤੋਂ ਸਿੱਖ ਕੌਮ ਕੋਲੋਂ ਮੁਆਫ਼ੀ ਮੰਗਣ ਦੀ ਮੰਗ ਕਰਦਿਆਂ ਕਿਹਾ ਕਿ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਅਜਿਹੀ ਪੁਸਤਕ ਰਾਹੀਂ ਸਿਆਸੀ ਹਮਦਰਦੀ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਦ੍ਰਿੜਤਾ ਨਾਲ ਕਿਹਾ ਕਿ ਸਿੱਖ ਕੌਮ ਆਪਣੇ ਸ਼ਹੀਦਾਂ ਅਤੇ ਉਨ੍ਹਾਂ ਨਾਲ ਹੋਏ ਅਨਿਆਂ ਨੂੰ ਕਦੇ ਨਹੀਂ ਭੁੱਲੇਗੀ ਅਤੇ ਜਦੋਂ ਤੱਕ ਦੋਸ਼ੀਆਂ ਨੂੰ ਸਜ਼ਾਵਾਂ ਨਹੀਂ ਮਿਲਦੀਆਂ, ਇਨਸਾਫ਼ ਦੀ ਲੜਾਈ ਜਾਰੀ ਰਹੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

## ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਦਾਦੀ ਚਰਨ ਕੌਰ ਜੀ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਿਲ ਹੋਣ ਲਈ ਦਿੱਤੀ ਜਾਵੇ ਪੈਰੌਲ : ਐਡਵੋਕੇਟ ਹਰਜੋਤ ਸਿੰਘ ਮਾਨ

### ਪਰਿਵਾਰ ਦੇ ਦੁੱਖ ਦੀ ਇਸ ਘੜੀ ਵਿੱਚ ਵੀ ਜੇਕਰ ਸਰਕਾਰ ਮਨੁੱਖੀ ਸੰਵੇਦਨਾਵਾਂ ਤੋਂ ਮੂੰਹ ਮੋੜਦੀ ਹੈ ਤਾਂ ਇਹ ਬੇਹੱਦ ਮੰਦਭਾਗੀ ਗੱਲ ਹੋਵੇਗੀ




ਅੰਮ੍ਰਿਤਸਰ 10 ਨਵੰਬਰ (ਆਵਾਜ਼ਿ ਕੌਮ ਬਿਊਰੋ ) ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਅਤੇ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਦੇ ਆਗੂ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਦਾਦੀ ਮਾਤਾ ਚਰਨ ਕੌਰ ਜੀ ਦੇ ਬੀਤੇ ਕੱਲ੍ਹ ਹੋਏ ਅਕਾਲ ਚਲਾਣੇ ਤੋਂ ਬਾਅਦ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਪੈਰੋਲ ਦਿੱਤੇ ਜਾਣ ਸਬੰਧੀ ਉਨ੍ਹਾਂ ਦੇ ਵਕੀਲਾਂ ਵੱਲੋਂ ਅੰਮ੍ਰਿਤਸਰ ਅਦਾਲਤ ਵਿੱਚ ਕਾਨੂੰਨੀ ਅਰਜ਼ੀ ਦਾਇਰ ਕੀਤੀ ਜਾ ਰਹੀ ਹੈ। ਇਸ ਸਬੰਧੀ ਐਡਵੋਕੇਟ ਸ. ਹਰਜੋਤ ਸਿੰਘ ਮਾਨ ਅਤੇ ਐਡਵੋਕੇਟ ਸ੍ਰ. ਕਰਮਵੀਰ ਸਿੰਘ ਸਮੇਤ ਵਕੀਲਾਂ ਦੇ ਪੈਨਲ ਵੱਲੋਂ ਅੰਮ੍ਰਿਤਸਰ ਕੋਰਟ ਕੰਪਲੈਕਸ ਵਿਖੇ ਪ੍ਰੈੱਸ ਨੂੰ ਸੰਬੋਧਨ ਕੀਤਾ ਗਿਆ। ਵਕੀਲਾਂ ਨੇ ਦੱਸਿਆ ਕਿ ਅਦਾਲਤ ਅੱਗੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਉਨ੍ਹਾਂ ਦੀ ਦਾਦੀ ਮਾਤਾ ਚਰਨ ਕੌਰ ਜੀ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਦਾ ਮੌਕਾ ਦੇਣ ਲਈ ਕਾਨੂੰਨੀ ਪੱਖ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਕਾਨੂੰਨੀ ਮਾਮਲਾ ਨਹੀਂ, ਸਗੋਂ ਇੱਕ ਪਰਿਵਾਰ ਲਈ ਬੇਹੱਦ ਦੁਖਦਾਈ ਅਤੇ ਭਾਵੁਕ ਪਲ ਹੈ। ਮਾਤਾ ਚਰਨ ਕੌਰ ਜੀ ਦੀ ਆਖ਼ਰੀ ਇੱਛਾ ਆਪਣੇ ਪੋਤਰੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਆਪਣੇ ਸਾਹਮਣੇ ਦੇਖਣ ਦੀ ਸੀ, ਪਰ ਅਫ਼ਸੋਸ ਕਿ ਉਨ੍ਹਾਂ ਦੀ ਇਹ ਇੱਛਾ ਪੂਰੀ ਨਾ ਹੋ ਸਕੀ। ਉਹਨਾਂ ਨੇ ਕਿਹਾ ਕਿ ਭਾਰਤ ਦਾ ਕਾਨੂੰਨੀ ਢਾਂਚਾ ਵੀ ਮਨੁੱਖੀ ਸੰਵੇਦਨਾਵਾਂ, ਪਰਿਵਾਰਕ ਹਾਲਾਤ ਅਤੇ ਅੰਤਿਮ ਰਸਮਾਂ ਵਰਗੀਆਂ ਅਸਾਧਾਰਣ ਸਥਿਤੀਆਂ ਨੂੰ ਧਿਆਨ ਵਿੱਚ ਰੱਖਦਾ ਹੈ। ਇਸ ਲਈ ਉਮੀਦ ਹੈ ਕਿ ਅਦਾਲਤ ਸਾਰੇ ਤੱਥਾਂ ਅਤੇ ਪਰਿਵਾਰ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਆਪਣੀ ਦਾਦੀ ਜੀ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਪੈਰੋਲ ਦੇਣ ਬਾਰੇ ਹਮਦਰਦੀਪੂਰਵਕ ਵਿਚਾਰ ਕਰੇਗੀ। ਵਕੀਲਾਂ ਨੇ ਇਹ ਵੀ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਤੋਂ ਇਲਾਵਾ ਭਾਈ ਹਰਜੀਤ ਸਿੰਘ ਅਤੇ ਸ੍ਰ. ਸੁਖਮਨਪ੍ਰੀਤ ਸਿੰਘ ਨੂੰ ਵੀ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਦਾ ਮੌਕਾ ਦਿੱਤਾ ਜਾਣਾ ਚਾਹੀਦਾ ਹੈ, ਤਾਂ ਜੋ ਪਰਿਵਾਰ ਆਪਣੇ ਵਿਛੜੇ ਹੋਏ ਜੀਅ ਨੂੰ ਅੰਤਿਮ ਵਿਦਾਇਗੀ ਦੇ ਸਕੇ। ਇਸ ਮੌਕੇ ਵਕੀਲ ਪੈਨਲ ਨੇ ਸਰਕਾਰ ਦੀ ਭੂਮਿਕਾ 'ਤੇ ਵੀ ਗੰਭੀਰ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਕਿਸੇ ਵੀ ਲੋਕਤੰਤਰਿਕ ਸਰਕਾਰ ਤੋਂ ਘੱਟੋ-ਘੱਟ ਇਹ ਉਮੀਦ ਕੀਤੀ ਜਾਂਦੀ ਹੈ ਕਿ ਉਹ ਦੁੱਖ ਦੀ ਇਸ ਘੜੀ ਵਿੱਚ ਮਨੁੱਖੀ ਸੰਵੇਦਨਾਵਾਂ ਨੂੰ ਪਹਿਲ ਦੇਵੇ। ਇੱਕ ਬਜ਼ੁਰਗ ਮਾਤਾ ਦੇ ਅਕਾਲ ਚਲਾਣੇ ਤੋਂ ਬਾਅਦ ਉਸ ਦੇ ਪੋਤਰੇ ਨੂੰ ਅੰਤਿਮ ਦਰਸ਼ਨ ਅਤੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਦਾ ਮੌਕਾ ਦੇਣ ਦੇ ਮਾਮਲੇ ਨੂੰ ਸਿਰਫ਼ ਸਿਆਸੀ ਨਜ਼ਰੀਏ ਨਾਲ ਨਹੀਂ ਦੇਖਿਆ ਜਾਣਾ ਚਾਹੀਦਾ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਇਸ ਮਾਮਲੇ ਵਿੱਚ ਆਪਣਾ ਰਵੱਈਆ ਸਪੱਸ਼ਟ ਕਰੇ ਅਤੇ ਅਜਿਹਾ ਕੋਈ ਕਦਮ ਨਾ ਚੁੱਕੇ ਜਿਸ ਨਾਲ ਪਰਿਵਾਰ ਦੇ ਦੁੱਖ ਨੂੰ ਹੋਰ ਵਧੇਰੇ ਪੀੜਾ ਵਿੱਚ ਬਦਲਿਆ ਜਾਵੇ। ਵਕੀਲਾਂ ਨੇ ਆਖ਼ਰੀ ਇੱਛਾ ਪੂਰੀ ਨਾ ਹੋ ਸਕਣਾ ਪਰਿਵਾਰ ਲਈ ਪਹਿਲਾਂ ਹੀ ਇੱਕ ਵੱਡਾ ਸਦਮਾ ਹੈ। ਹੁਣ ਘੱਟੋ-ਘੱਟ ਉਨ੍ਹਾਂ ਦੇ ਅੰਤਿਮ ਸੰਸਕਾਰ ਸਮੇਂ ਪਰਿਵਾਰ ਨੂੰ ਆਪਣੇ ਪੁੱਤਰ ਅਤੇ ਪੋਤਰੇ ਦੀ ਹਾਜ਼ਰੀ ਤੋਂ ਵਾਂਝਾ ਨਾ ਕੀਤਾ ਜਾਵੇ। ਉਨ੍ਹਾਂ ਆਸ ਪ੍ਰਗਟਾਈ ਕਿ ਅਦਾਲਤ ਇਸ ਮਾਮਲੇ ਦੇ ਮਨੁੱਖੀ ਅਤੇ ਕਾਨੂੰਨੀ ਦੋਵਾਂ ਪੱਖਾਂ ਨੂੰ ਧਿਆਨ ਵਿੱਚ ਰੱਖਦਿਆਂ ਇਨਸਾਫ਼ਪੂਰਵਕ ਫੈਸਲਾ ਕਰੇਗੀ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਪ੍ਰਗਟ ਸਿੰਘ ਮੀਰਾਂਕੋਟ ਅਤੇ ਭਾਈ ਮਹਿੰਦਰਪਾਲ ਸਿੰਘ ਤੁੰਗ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬਠਿੰਡਾ ਪੁਲਿਸ ਵੱਲੋਂ ਤਿੰਨ ਪਿੰਡਾਂ ਵਿੱਚ ਵਿਸ਼ੇਸ਼ ਸਰਚ ਅਭਿਆਨ, 3 ਸ਼ੱਕੀ ਵਿਅਕਤੀ ਹਿਰਾਸਤ ਵਿੱਚ ਅਤੇ 2 ਮੋਟਰਸਾਈਕਲ ਕਬਜ਼ੇ ਵਿੱਚ ਲਏ







ਬਠਿੰਡਾ, 11 ਨਵੰਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਸ੍ਰੀ ਗੌਰਵ ਯਾਦਵ ਆਈ.ਪੀ.ਐੱਸ., ਡੀ.ਜੀ.ਪੀ. ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ, ਸ੍ਰੀ ਹਰਜੀਤ ਸਿੰਘ ਆਈ.ਪੀ.ਐੱਸ., ਡੀ.ਆਈ.ਜੀ. ਬਠਿੰਡਾ ਰੇਂਜ ਦੇ ਮਾਰਗਦਰਸ਼ਨ ਅਤੇ ਸ੍ਰੀ ਸੁਹੇਲ ਕਾਸਿਮ ਮੀਰ ਆਈ.ਪੀ.ਐੱਸ., ਐੱਸ.ਐੱਸ.ਪੀ. ਬਠਿੰਡਾ ਦੀ ਰਹਿਨੁਮਾਈ ਹੇਠ ਬਠਿੰਡਾ ਪੁਲਿਸ ਵੱਲੋਂ ਨਸ਼ਾ ਤਸਕਰਾਂ ਅਤੇ ਮਾੜੇ ਅਨਸਰਾਂ ਖ਼ਿਲਾਫ਼ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਮੁਹਿੰਮ ਤਹਿਤ ਸਬ-ਡਵੀਜ਼ਨ ਭੁੱਚੋ ਅਧੀਨ ਥਾਣਾ ਨੇਹੀਆਂਵਾਲਾ ਦੇ ਖੇਤਰ ਵਿੱਚ ਪੈਂਦੇ ਪਿੰਡ ਜੀਦਾ, ਹਰਰਾਏਪੁਰ ਅਤੇ ਖੇਮੂਆਣਾ ਵਿਖੇ ਡੀ.ਐੱਸ.ਪੀ. ਭੁੱਚੋ ਸ੍ਰੀ ਪ੍ਰਿਤਪਾਲ ਸਿੰਘ ਦੀ ਅਗਵਾਈ ਹੇਠ ਵੱਖ-ਵੱਖ ਪੁਲਿਸ ਟੀਮਾਂ ਦਾ ਗਠਨ ਕਰਕੇ ਵਿਸ਼ੇਸ਼ ਸਰਚ ਅਭਿਆਨ ਚਲਾਇਆ ਗਿਆ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਡੀ.ਐੱਸ.ਪੀ. ਭੁੱਚੋ ਨੇ ਦੱਸਿਆ ਕਿ ਸਰਚ ਅਭਿਆਨ ਤੋਂ ਪਹਿਲਾਂ ਪਿੰਡਾਂ ਦੇ ਆਉਣ-ਜਾਣ ਵਾਲੇ ਰਸਤਿਆਂ 'ਤੇ ਵਿਸ਼ੇਸ਼ ਨਾਕਾਬੰਦੀ ਕਰਕੇ ਚੌਕਸੀ ਵਧਾਈ ਗਈ ਅਤੇ ਆਉਣ-ਜਾਣ ਵਾਲੇ ਵਾਹਨਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ। ਇਸ ਉਪਰੰਤ ਤਿੰਨ ਵੱਖ-ਵੱਖ ਪੁਲਿਸ ਟੀਮਾਂ ਵੱਲੋਂ ਨਿਰਧਾਰਤ ਇਲਾਕਿਆਂ ਵਿੱਚ ਸਰਚ ਅਭਿਆਨ ਚਲਾਇਆ ਗਿਆ। ਇਸ ਕਾਰਵਾਈ ਦੌਰਾਨ ਤਿੰਨ ਸ਼ੱਕੀ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ, ਜਿਨ੍ਹਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਦੋ ਸ਼ੱਕੀ ਮੋਟਰਸਾਈਕਲ ਵੀ ਕਬਜ਼ੇ ਵਿੱਚ ਲੈ ਕੇ ਉਨ੍ਹਾਂ ਦੀ ਵੈਰੀਫਿਕੇਸ਼ਨ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਨਸ਼ਿਆਂ ਦੀ ਲਤ ਦਾ ਸ਼ਿਕਾਰ ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਇਲਾਜ ਅਤੇ ਮੁੜ ਵਸੇਬੇ ਲਈ ਪ੍ਰੇਰਿਤ ਕਰਕੇ ਦਾਖ਼ਲ ਕਰਵਾਇਆ ਜਾ ਰਿਹਾ ਹੈ, ਜਦਕਿ ਨਸ਼ਿਆਂ ਦਾ ਗੈਰ-ਕਾਨੂੰਨੀ ਕਾਰੋਬਾਰ ਕਰਨ ਵਾਲਿਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਬਠਿੰਡਾ ਪੁਲਿਸ ਵੱਲੋਂ ਆਮ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਜੇਕਰ ਉਨ੍ਹਾਂ ਦੇ ਆਲੇ-ਦੁਆਲੇ, ਗਲੀ-ਮੁਹੱਲੇ ਜਾਂ ਪਿੰਡ ਵਿੱਚ ਕੋਈ ਵਿਅਕਤੀ ਨਸ਼ਿਆਂ ਦੀ ਵਿਕਰੀ ਕਰਦਾ ਹੈ ਜਾਂ ਨਸ਼ਿਆਂ ਦੇ ਗੈਰ-ਕਾਨੂੰਨੀ ਕਾਰੋਬਾਰ ਵਿੱਚ ਸ਼ਾਮਲ ਹੈ ਤਾਂ ਤੁਰੰਤ ਪੁਲਿਸ ਨੂੰ ਸੂਚਨਾ ਦਿੱਤੀ ਜਾਵੇ। ਸੂਚਨਾ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਬਠਿੰਡਾ ਪੁਲਿਸ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਅਤੇ ਨੌਜਵਾਨ ਪੀੜ੍ਹੀ ਦੇ ਸੁਰੱਖਿਅਤ ਭਵਿੱਖ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਹੁਣ ਕੁਦਰਤ ਨਾਲ ਜੁੜ ਕੇ ਤਿਉਹਾਰ ਮਨਾਉਣ ਦਾ ਵੇਲਾ



ਅਸੀਂ ਤਿਉਹਾਰਾਂ ਅਤੇ ਮੇਲਿਆਂ ਦਾ ਸਮਾਜ ਹਾਂ। ਸਾਡੇ ਜੀਵਨ ਵਿੱਚ ਹਰ ਤਿਉਹਾਰ ਦਾ ਆਪਣਾ ਧਾਰਮਿਕ, ਸਮਾਜਿਕ ਅਤੇ ਸੱਭਿਆਚਾਰਕ ਮਹੱਤਵ ਹੈ। ਦੀਵਾਲੀ, ਹੋਲੀ, ਲੋਹੜੀ, ਵਿਸਾਖੀ ਅਤੇ ਦੁਸਹਿਰਾ ਸਾਡੇ ਜੀਵਨ ਵਿੱਚ ਖ਼ੁਸ਼ੀਆਂ, ਉਤਸ਼ਾਹ ਅਤੇ ਆਪਸੀ ਸਾਂਝ ਦੇ ਰੰਗ ਭਰਦੇ ਹਨ। ਤਿਉਹਾਰ ਸਾਡੀਆਂ ਪਰੰਪਰਾਵਾਂ ਦਾ ਹਿੱਸਾ ਹਨ ਅਤੇ ਇਨ੍ਹਾਂ ਨੂੰ ਮਨਾਉਣਾ ਸਾਡੀ ਸੱਭਿਆਚਾਰਕ ਪਛਾਣ ਵੀ ਹੈ। ਪਰ ਅੱਜ ਸਮੇਂ ਦੀ ਵੱਡੀ ਲੋੜ ਹੈ ਕਿ ਅਸੀਂ ਆਪਣੇ ਤਿਉਹਾਰਾਂ ਨੂੰ ਮਨਾਉਣ ਦੇ ਢੰਗ ਬਾਰੇ ਮੁੜ ਵਿਚਾਰ ਕਰੀਏ। ਸਵਾਲ ਇਹ ਹੈ ਕਿ ਕੀ ਆਪਣੀਆਂ ਖ਼ੁਸ਼ੀਆਂ ਮਨਾਉਣ ਲਈ ਅਸੀਂ ਕੁਦਰਤ ਦੀ ਕੀਮਤ ਤਾਂ ਨਹੀਂ ਚੁਕਾ ਰਹੇ? ਕੀ ਤਿਉਹਾਰਾਂ ਦੇ ਨਾਂ 'ਤੇ ਅਸੀਂ ਹਵਾ, ਪਾਣੀ ਅਤੇ ਮਿੱਟੀ ਨੂੰ ਹੋਰ ਗੰਧਲਾ ਨਹੀਂ ਕਰ ਰਹੇ? ਦੀਵਾਲੀ ਲੰਘਣ ਤੋਂ ਬਾਅਦ ਉੱਤਰੀ ਭਾਰਤ ਦੇ ਕਈ ਸ਼ਹਿਰਾਂ ਵਿੱਚ ਹਵਾ ਦੀ ਗੁਣਵੱਤਾ ਦਾ ਵਿਗੜਨਾ ਇਸ ਚਿੰਤਾ ਨੂੰ ਹੋਰ ਗੰਭੀਰ ਬਣਾਉਂਦਾ ਹੈ। 9 ਨਵੰਬਰ 2026 ਨੂੰ ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅੰਕੜਿਆਂ ਅਨੁਸਾਰ ਦਿੱਲੀ ਦਾ ਔਸਤ ਹਵਾ ਗੁਣਵੱਤਾ ਸੂਚਕ ਅੰਕ (AQI) 376 ਦਰਜ ਕੀਤਾ ਗਿਆ। ਪੰਜਾਬ ਵਿੱਚ ਜਲੰਧਰ ਅਤੇ ਮੰਡੀ ਗੋਬਿੰਦਗੜ੍ਹ ਦਾ AQI 336, ਲੁਧਿਆਣਾ ਦਾ 292, ਅੰਮ੍ਰਿਤਸਰ ਦਾ 257 ਅਤੇ ਪਟਿਆਲਾ ਦਾ 221 ਰਿਹਾ। ਇਹ ਅੰਕੜੇ ਦੱਸਦੇ ਹਨ ਕਿ ਤਿਉਹਾਰਾਂ ਤੋਂ ਬਾਅਦ ਸਾਡੀ ਹਵਾ ਕਿੰਨੀ ਪ੍ਰਦੂਸ਼ਿਤ ਹੋ ਜਾਂਦੀ ਹੈ। ਜ਼ਿਕਰਯੋਗ ਹੈ ਕਿ AQI ਦੇ 301 ਤੋਂ 400 ਤੱਕ ਦੇ ਪੱਧਰ ਨੂੰ ਬਹੁਤ ਖ਼ਰਾਬ ਸ਼੍ਰੇਣੀ ਵਿੱਚ ਰੱਖਿਆ ਜਾਂਦਾ ਹੈ। ਇਹ ਸਿਰਫ਼ ਅੰਕੜਿਆਂ ਦਾ ਮਸਲਾ ਨਹੀਂ, ਸਗੋਂ ਹਰ ਉਸ ਵਿਅਕਤੀ ਦੀ ਸਿਹਤ ਦਾ ਸਵਾਲ ਹੈ ਜੋ ਰੋਜ਼ਾਨਾ ਇਸ ਹਵਾ ਵਿੱਚ ਸਾਹ ਲੈਂਦਾ ਹੈ। ਪਟਾਕਿਆਂ ਨਾਲ ਨਿਕਲਣ ਵਾਲਾ ਧੂੰਆਂ, ਬਾਰੀਕ ਧੂੜ ਦੇ ਕਣ ਅਤੇ ਹਾਨੀਕਾਰਕ ਗੈਸਾਂ ਹਵਾ ਨੂੰ ਪ੍ਰਦੂਸ਼ਿਤ ਕਰਦੀਆਂ ਹਨ। ਇਨ੍ਹਾਂ ਵਿੱਚ ਪੀਐੱਮ 2.5 ਵਰਗੇ ਬਾਰੀਕ ਕਣ ਖ਼ਾਸ ਤੌਰ 'ਤੇ ਚਿੰਤਾ ਦਾ ਵਿਸ਼ਾ ਹਨ, ਕਿਉਂਕਿ ਇਹ ਸਾਹ ਰਾਹੀਂ ਫੇਫੜਿਆਂ ਦੇ ਅੰਦਰ ਤੱਕ ਪਹੁੰਚ ਸਕਦੇ ਹਨ। ਇਸ ਦਾ ਅਸਰ ਬੱਚਿਆਂ, ਬਜ਼ੁਰਗਾਂ ਅਤੇ ਸਾਹ ਦੀਆਂ ਬਿਮਾਰੀਆਂ ਤੋਂ ਪੀੜਤ ਲੋਕਾਂ ਉੱਤੇ ਵਧੇਰੇ ਪੈ ਸਕਦਾ ਹੈ। ਹਾਲਾਂਕਿ ਹਵਾ ਦੇ ਪ੍ਰਦੂਸ਼ਣ ਲਈ ਸਿਰਫ਼ ਪਟਾਕਿਆਂ ਨੂੰ ਜ਼ਿੰਮੇਵਾਰ ਨਹੀਂ ਠਹਿਰਾਇਆ ਜਾ ਸਕਦਾ। ਵਾਹਨਾਂ ਦਾ ਧੂੰਆਂ, ਉਦਯੋਗਿਕ ਇਕਾਈਆਂ, ਉਸਾਰੀ ਕਾਰਜਾਂ ਦੀ ਧੂੜ, ਕੂੜਾ ਸਾੜਨਾ ਅਤੇ ਪਰਾਲੀ ਨੂੰ ਅੱਗ ਲਾਉਣਾ ਵੀ ਇਸ ਦੇ ਵੱਡੇ ਕਾਰਨ ਹਨ। ਸਰਦੀਆਂ ਵਿੱਚ ਮੌਸਮ ਦੀਆਂ ਕੁਝ ਸਥਿਤੀਆਂ ਕਾਰਨ ਪ੍ਰਦੂਸ਼ਕ ਹਵਾ ਵਿੱਚ ਹੀ ਰੁਕੇ ਰਹਿੰਦੇ ਹਨ। ਇਸ ਲਈ ਸਮੱਸਿਆ ਦਾ ਹੱਲ ਸਾਰੇ ਕਾਰਨਾਂ ਵੱਲ ਧਿਆਨ ਦੇਣ ਨਾਲ ਹੀ ਸੰਭਵ ਹੈ। ਹਵਾ ਦੇ ਨਾਲ-ਨਾਲ ਪਾਣੀ ਦਾ ਪ੍ਰਦੂਸ਼ਣ ਵੀ ਸਾਡੀ ਵੱਡੀ ਚਿੰਤਾ ਹੋਣੀ ਚਾਹੀਦੀ ਹੈ। ਅਸੀਂ ਨਦੀਆਂ, ਨਹਿਰਾਂ ਅਤੇ ਹੋਰ ਜਲ ਸਰੋਤਾਂ ਨੂੰ ਪਵਿੱਤਰ ਮੰਨਦੇ ਹਾਂ, ਪਰ ਉਨ੍ਹਾਂ ਦੀ ਸਫ਼ਾਈ ਪ੍ਰਤੀ ਸਾਡਾ ਵਿਹਾਰ ਅਕਸਰ ਇਸ ਦੇ ਉਲਟ ਹੁੰਦਾ ਹੈ। ਧਾਰਮਿਕ ਸਮਾਗਮਾਂ ਤੋਂ ਬਾਅਦ ਫੁੱਲਾਂ, ਪੂਜਾ ਸਮੱਗਰੀ, ਪਲਾਸਟਿਕ ਅਤੇ ਹੋਰ ਕੂੜੇ ਨੂੰ ਜਲ ਸਰੋਤਾਂ ਵਿੱਚ ਸੁੱਟ ਦਿੱਤਾ ਜਾਂਦਾ ਹੈ। ਇਸ ਤੋਂ ਇਲਾਵਾ ਸ਼ਹਿਰਾਂ ਦਾ ਗੰਦਾ ਸੀਵਰੇਜ ਅਤੇ ਉਦਯੋਗਿਕ ਰਹਿੰਦ-ਖੂੰਹਦ ਵੀ ਪਾਣੀ ਨੂੰ ਦੂਸ਼ਿਤ ਕਰ ਰਹੇ ਹਨ। ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਦੀ 2025 ਦੀ ਰਿਪੋਰਟ ਅਨੁਸਾਰ ਦੇਸ਼ ਦੀਆਂ 271 ਨਦੀਆਂ ਦੇ 296 ਹਿੱਸੇ ਪ੍ਰਦੂਸ਼ਿਤ ਪਾਏ ਗਏ। ਭਾਵੇਂ ਪਿਛਲੇ ਸਾਲਾਂ ਦੇ ਮੁਕਾਬਲੇ ਇਸ ਵਿੱਚ ਕਮੀ ਆਈ ਹੈ, ਪਰ ਇਹ ਅੰਕੜੇ ਸਾਡੀ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਣ ਲਈ ਕਾਫ਼ੀ ਹਨ। ਮਿੱਟੀ ਦਾ ਪ੍ਰਦੂਸ਼ਣ ਵੀ ਕਿਸੇ ਤਰ੍ਹਾਂ ਘੱਟ ਗੰਭੀਰ ਨਹੀਂ ਹੈ। ਧਰਤੀ ਨੂੰ ਮਾਂ ਕਹਿਣ ਵਾਲੇ ਸਮਾਜ ਵਿੱਚ ਅਸੀਂ ਹੀ ਇਸ ਦੀ ਕੁਦਰਤੀ ਬਣਤਰ ਨੂੰ ਨੁਕਸਾਨ ਪਹੁੰਚਾ ਰਹੇ ਹਾਂ। ਖੇਤੀ ਵਿੱਚ ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਬੇਲੋੜੀ ਵਰਤੋਂ, ਉਦਯੋਗਿਕ ਕੂੜਾ ਅਤੇ ਪਲਾਸਟਿਕ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਪ੍ਰਭਾਵਿਤ ਕਰਦੇ ਹਨ। ਤਿਉਹਾਰਾਂ ਸਮੇਂ ਵਰਤੀ ਜਾਣ ਵਾਲੀ ਪਲਾਸਟਿਕ ਦੀ ਸਜਾਵਟ, ਥਰਮੋਕੋਲ, ਰਸਾਇਣਕ ਰੰਗ ਅਤੇ ਹੋਰ ਨਾ-ਗਲਣਸ਼ੀਲ ਸਮੱਗਰੀ ਵੀ ਇਸ ਸਮੱਸਿਆ ਨੂੰ ਵਧਾਉਂਦੀ ਹੈ। ਇਹ ਵਸਤਾਂ ਲੰਮੇ ਸਮੇਂ ਤੱਕ ਵਾਤਾਵਰਨ ਵਿੱਚ ਮੌਜੂਦ ਰਹਿੰਦੀਆਂ ਹਨ ਅਤੇ ਮਿੱਟੀ ਦੇ ਨਾਲ-ਨਾਲ ਪਾਣੀ ਨੂੰ ਵੀ ਨੁਕਸਾਨ ਪਹੁੰਚਾਉਂਦੀਆਂ ਹਨ। ਇੱਥੇ ਸਾਨੂੰ ਤਿਉਹਾਰਾਂ ਦੇ ਅਸਲ ਉਦੇਸ਼ ਨੂੰ ਸਮਝਣ ਦੀ ਲੋੜ ਹੈ। ਦੀਵਾਲੀ ਹਨੇਰੇ ਉੱਤੇ ਚਾਨਣ ਦੀ ਜਿੱਤ ਦਾ ਪ੍ਰਤੀਕ ਹੈ। ਜੇ ਅਸੀਂ ਇਸ ਦਿਨ ਦੀਵੇ ਜਗਾਉਣ ਦੀ ਥਾਂ ਪਟਾਕਿਆਂ ਨਾਲ ਵਾਤਾਵਰਨ ਵਿੱਚ ਧੂੰਆਂ ਭਰ ਦਿੰਦੇ ਹਾਂ ਤਾਂ ਸਾਨੂੰ ਆਪਣੀ ਸੋਚ ਬਦਲਣ ਦੀ ਲੋੜ ਹੈ। ਤਿਉਹਾਰਾਂ ਦੀ ਖ਼ੁਸ਼ੀ ਕਿਸੇ ਹੋਰ ਲਈ ਮੁਸੀਬਤ ਨਹੀਂ ਬਣਨੀ ਚਾਹੀਦੀ। ਪਟਾਕਿਆਂ ਦੀ ਉੱਚੀ ਆਵਾਜ਼ ਪੰਛੀਆਂ ਅਤੇ ਜਾਨਵਰਾਂ ਨੂੰ ਡਰਾ ਦਿੰਦੀ ਹੈ। ਇਸ ਦਾ ਅਸਰ ਬਜ਼ੁਰਗਾਂ, ਛੋਟੇ ਬੱਚਿਆਂ ਅਤੇ ਬਿਮਾਰ ਵਿਅਕਤੀਆਂ ਉੱਤੇ ਵੀ ਪੈਂਦਾ ਹੈ। ਇਸੇ ਤਰ੍ਹਾਂ ਹੋਲੀ ਮੌਕੇ ਰਸਾਇਣਕ ਰੰਗਾਂ ਦੀ ਵਰਤੋਂ ਚਮੜੀ, ਅੱਖਾਂ ਅਤੇ ਜਲ ਸਰੋਤਾਂ ਲਈ ਨੁਕਸਾਨਦੇਹ ਹੋ ਸਕਦੀ ਹੈ। ਹੁਣ ਸਮਾਂ ਆ ਗਿਆ ਹੈ ਕਿ ਅਸੀਂ ਤਿਉਹਾਰਾਂ ਨੂੰ ਕੁਦਰਤ ਨਾਲ ਜੋੜ ਕੇ ਮਨਾਉਣ ਦੀ ਨਵੀਂ ਪਰੰਪਰਾ ਸ਼ੁਰੂ ਕਰੀਏ। ਇਸ ਦਾ ਮਤਲਬ ਆਪਣੀਆਂ ਧਾਰਮਿਕ ਰਵਾਇਤਾਂ ਨੂੰ ਛੱਡਣਾ ਨਹੀਂ, ਸਗੋਂ ਉਨ੍ਹਾਂ ਨੂੰ ਵਾਤਾਵਰਨ ਪੱਖੀ ਬਣਾਉਣਾ ਹੈ। ਦੀਵਾਲੀ ਮੌਕੇ ਮਿੱਟੀ ਦੇ ਦੀਵੇ ਜਗਾਈਏ, ਪਟਾਕਿਆਂ ਤੋਂ ਪਰਹੇਜ਼ ਕਰੀਏ ਅਤੇ ਸਥਾਨਕ ਕਾਰੀਗਰਾਂ ਦੀਆਂ ਬਣਾਈਆਂ ਵਸਤਾਂ ਨੂੰ ਉਤਸ਼ਾਹਿਤ ਕਰੀਏ। ਹੋਲੀ ਉੱਤੇ ਕੁਦਰਤੀ ਰੰਗਾਂ ਦੀ ਵਰਤੋਂ ਕਰੀਏ। ਗਣੇਸ਼ ਚਤੁਰਥੀ ਅਤੇ ਹੋਰ ਧਾਰਮਿਕ ਸਮਾਗਮਾਂ ਵਿੱਚ ਮਿੱਟੀ ਦੀਆਂ ਮੂਰਤੀਆਂ ਅਤੇ ਕੁਦਰਤੀ ਰੰਗਾਂ ਨੂੰ ਤਰਜੀਹ ਦਿੱਤੀ ਜਾਵੇ। ਧਾਰਮਿਕ ਸਮੱਗਰੀ ਨੂੰ ਨਦੀਆਂ ਵਿੱਚ ਸੁੱਟਣ ਦੀ ਬਜਾਏ ਉਸ ਤੋਂ ਖਾਦ ਤਿਆਰ ਕੀਤੀ ਜਾ ਸਕਦੀ ਹੈ। ਸਮਾਗਮਾਂ ਵਿੱਚ ਪਲਾਸਟਿਕ ਦੇ ਭਾਂਡਿਆਂ ਦੀ ਥਾਂ ਮੁੜ ਵਰਤੋਂ ਯੋਗ ਬਰਤਨ ਵਰਤੇ ਜਾਣ। ਇਸ ਤਬਦੀਲੀ ਵਿੱਚ ਸਕੂਲਾਂ, ਧਾਰਮਿਕ ਸੰਸਥਾਵਾਂ, ਸਮਾਜਿਕ ਜਥੇਬੰਦੀਆਂ ਅਤੇ ਸਰਕਾਰਾਂ ਦੀ ਭੂਮਿਕਾ ਮਹੱਤਵਪੂਰਨ ਹੈ। ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਸਿਰਫ਼ ਵਾਤਾਵਰਨ ਬਚਾਉਣ ਦੇ ਭਾਸ਼ਣ ਦੇਣ ਦੀ ਬਜਾਏ ਅਮਲੀ ਗਤੀਵਿਧੀਆਂ ਨਾਲ ਜੋੜਿਆ ਜਾਵੇ। ਹਰ ਸਕੂਲ ਵਿੱਚ ਵਾਤਾਵਰਨ ਪੱਖੀ ਤਿਉਹਾਰ ਮਨਾਉਣ ਦੀ ਪਰੰਪਰਾ ਸ਼ੁਰੂ ਕੀਤੀ ਜਾ ਸਕਦੀ ਹੈ। ਪਿੰਡਾਂ ਦੀਆਂ ਪੰਚਾਇਤਾਂ ਅਤੇ ਸ਼ਹਿਰੀ ਸੰਸਥਾਵਾਂ ਤਿਉਹਾਰਾਂ ਤੋਂ ਪਹਿਲਾਂ ਅਤੇ ਬਾਅਦ ਸਫ਼ਾਈ ਮੁਹਿੰਮਾਂ ਚਲਾ ਸਕਦੀਆਂ ਹਨ। ਕੇਂਦਰ ਸਰਕਾਰ ਦਾ ਕੌਮੀ ਸਵੱਛ ਹਵਾ ਪ੍ਰੋਗਰਾਮ ਵੀ ਇਸ ਦਿਸ਼ਾ ਵਿੱਚ ਇੱਕ ਯਤਨ ਹੈ। ਇਸ ਪ੍ਰੋਗਰਾਮ ਅਧੀਨ 130 ਸ਼ਹਿਰਾਂ ਵਿੱਚ ਹਵਾ ਦੀ ਗੁਣਵੱਤਾ ਸੁਧਾਰਨ ਲਈ ਕੰਮ ਕੀਤਾ ਜਾ ਰਿਹਾ ਹੈ। ਸਾਲ 2025-26 ਦੌਰਾਨ ਇਨ੍ਹਾਂ ਵਿੱਚੋਂ 108 ਸ਼ਹਿਰਾਂ ਵਿੱਚ ਸਾਲ 2017-18 ਦੇ ਮੁਕਾਬਲੇ ਪੀਐੱਮ 10 ਦੀ ਸਾਲਾਨਾ ਮਾਤਰਾ ਵਿੱਚ ਕਮੀ ਦਰਜ ਕੀਤੀ ਗਈ। ਇਹ ਸਾਬਤ ਕਰਦਾ ਹੈ ਕਿ ਯੋਜਨਾਬੱਧ ਯਤਨਾਂ ਨਾਲ ਸੁਧਾਰ ਸੰਭਵ ਹੈ। ਪਰ ਸਿਰਫ਼ ਸਰਕਾਰੀ ਯੋਜਨਾਵਾਂ ਨਾਲ ਇਹ ਸਮੱਸਿਆ ਹੱਲ ਨਹੀਂ ਹੋ ਸਕਦੀ। ਹਰ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਸਮਝਣੀ ਪਵੇਗੀ। ਕੂੜਾ ਖੁੱਲ੍ਹੇ ਵਿੱਚ ਨਾ ਸਾੜਨਾ, ਪਾਣੀ ਦੀ ਬੇਲੋੜੀ ਵਰਤੋਂ ਰੋਕਣਾ, ਰੁੱਖ ਲਗਾਉਣਾ ਅਤੇ ਉਨ੍ਹਾਂ ਦੀ ਸੰਭਾਲ ਕਰਨਾ, ਪਲਾਸਟਿਕ ਦੀ ਵਰਤੋਂ ਘਟਾਉਣਾ ਅਤੇ ਜਨਤਕ ਆਵਾਜਾਈ ਨੂੰ ਤਰਜੀਹ ਦੇਣਾ ਸਾਡੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਨਾ ਚਾਹੀਦਾ ਹੈ। ਸਾਨੂੰ ਆਪਣੇ ਬੱਚਿਆਂ ਨੂੰ ਵੀ ਇਹ ਸਿੱਖਿਆ ਦੇਣੀ ਪਵੇਗੀ ਕਿ ਕੁਦਰਤ ਦੀ ਸੰਭਾਲ ਕਿਸੇ ਇੱਕ ਦਿਨ ਦਾ ਕੰਮ ਨਹੀਂ, ਸਗੋਂ ਜੀਵਨ ਭਰ ਦੀ ਜ਼ਿੰਮੇਵਾਰੀ ਹੈ। ਅਸੀਂ ਆਪਣੇ ਬੱਚਿਆਂ ਲਈ ਮਹਿੰਗੇ ਤੋਹਫ਼ੇ ਅਤੇ ਸੁੱਖ ਸਹੂਲਤਾਂ ਤਾਂ ਇਕੱਠੀਆਂ ਕਰ ਰਹੇ ਹਾਂ, ਪਰ ਕੀ ਉਨ੍ਹਾਂ ਲਈ ਸਾਫ਼ ਹਵਾ, ਪੀਣ ਯੋਗ ਪਾਣੀ ਅਤੇ ਹਰਿਆਵਲ ਭਰਿਆ ਵਾਤਾਵਰਨ ਛੱਡ ਕੇ ਜਾਵਾਂਗੇ? ਇਹ ਸਵਾਲ ਸਾਡੇ ਸਾਰਿਆਂ ਲਈ ਸਵੈ ਪੜਚੋਲ ਦਾ ਵਿਸ਼ਾ ਹੈ। ਕੁਦਰਤ ਤੋਂ ਬਿਨਾਂ ਮਨੁੱਖੀ ਜੀਵਨ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ। ਜੇ ਹਵਾ ਸਾਹ ਲੈਣ ਯੋਗ ਨਾ ਰਹੀ, ਪਾਣੀ ਪੀਣ ਯੋਗ ਨਾ ਬਚਿਆ ਅਤੇ ਮਿੱਟੀ ਜ਼ਿਹਰੀਲੀ ਹੋ ਗਈ ਤਾਂ ਸਾਡੀਆਂ ਖ਼ੁਸ਼ੀਆਂ ਅਤੇ ਤਿਉਹਾਰਾਂ ਦਾ ਕੀ ਅਰਥ ਰਹਿ ਜਾਵੇਗਾ? ਹੁਣ ਤਿਉਹਾਰਾਂ ਦੀ ਪਰਿਭਾਸ਼ਾ ਬਦਲਣ ਦਾ ਵੇਲਾ ਹੈ। ਅਜਿਹੀ ਦੀਵਾਲੀ ਮਨਾਈਏ ਜਿਸ ਵਿੱਚ ਧੂੰਏਂ ਦੀ ਥਾਂ ਦੀਵਿਆਂ ਦਾ ਚਾਨਣ ਹੋਵੇ, ਅਜਿਹੀ ਹੋਲੀ ਮਨਾਈਏ ਜਿਸ ਵਿੱਚ ਰਸਾਇਣਕ ਰੰਗਾਂ ਦੀ ਥਾਂ ਕੁਦਰਤੀ ਰੰਗ ਹੋਣ ਅਤੇ ਅਜਿਹੇ ਧਾਰਮਿਕ ਸਮਾਗਮ ਕਰੀਏ ਜਿਨ੍ਹਾਂ ਤੋਂ ਬਾਅਦ ਸਾਡਾ ਵਾਤਾਵਰਨ ਹੋਰ ਸਾਫ਼ ਦਿਖਾਈ ਦੇਵੇ। ਅਸਲ ਤਿਉਹਾਰ ਉਹ ਨਹੀਂ ਜੋ ਕੁਝ ਘੰਟਿਆਂ ਦੀ ਖ਼ੁਸ਼ੀ ਦੇ ਕੇ ਕੁਦਰਤ ਨੂੰ ਲੰਮੇ ਸਮੇਂ ਦਾ ਨੁਕਸਾਨ ਪਹੁੰਚਾ ਜਾਣ, ਸਗੋਂ ਉਹ ਜੀਵਨ ਹੈ ਜਿਸ ਦੀ ਖ਼ੁਸ਼ੀ ਮਨਾਉਣ ਤੋਂ ਬਾਅਦ ਸਾਡਾ ਵਾਤਾਵਰਨ ਵੀ ਪਹਿਲਾਂ ਨਾਲੋਂ ਬਿਹਤਰ ਹੋਵੇ। ਆਓ, ਤਿਉਹਾਰਾਂ ਨੂੰ ਕੁਦਰਤ ਦੀ ਸੇਵਾ ਅਤੇ ਜੀਵਨ ਦੀ ਰੱਖਿਆ ਨਾਲ ਜੋੜੀਏ, ਕਿਉਂਕਿ ਕੁਦਰਤ ਬਚੇਗੀ ਤਾਂ ਹੀ ਸਾਡਾ ਸੱਭਿਆਚਾਰ, ਸਾਡੀਆਂ ਪਰੰਪਰਾਵਾਂ ਅਤੇ ਸਾਡੇ ਤਿਉਹਾਰ ਵੀ ਸੁਰੱਖਿਅਤ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

**ਲਾਡੀ ਜਗਤਾਰ ਮਾਨਸਾ , 9463603091**

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

ਜੋਤੀ ਜੋਤ :- ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ

ਸ਼ਹੀਦੀ ਦਿਹਾੜਾ : ਦਮਦਮੀ ਟਕਸਾਲ ਦੇ ਪਹਿਲੇ ਮੁੱਖੀ ਅਨੋਖੇ ਅਮਰ ਸ਼ਹੀਦ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ।

ਗੁਰਤਾਗੱਦੀ :- ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਕਵੀਸ਼ਰੀ ਜਥਾ ਗਿਆਨੀ ਕੁਲਬੀਰ ਸਿੰਘ ਪਾਰਸ

**ਸ਼ਨਿੱਚਰਵਾਰ 14 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਹਰ ਐਤਵਾਰ 15 ਨਵੰਬਰ 2026 ਨੂੰ 6:30 ਵਜੇ ਸਵੇਰੇ ਚੌਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੁੰਦੀ ਹੈ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 11:00 ਤੋਂ 12:30 ਮਿੰਟ ਤੱਕ ਦੀਵਾਨ ਸੱਜਣਗੇ।

ਕਵੀਸ਼ਰੀ ਜਥਾ ਗਿਆਨੀ ਕੁਲਬੀਰ ਸਿੰਘ ਪਾਰਸ ਪੰਜਾਬ ਦੀ ਧਰਤੀ ਤੋਂ ਵਾਲੇ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap 26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778